ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

www.awazeqaumtv.com

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

Also On

Visit on facebook

https://www.facebook.com/awazeqaumtv/videos/1948995821245 31/

You Tube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਸ਼ੁੱਕਰਵਾਰ, 27 ਨਵੰਬਰ 2026 (ਨਾਨਕਸ਼ਾਹੀ ਸੰਮਤ : ੫੫੮, ੧੨ ਮੱਘਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

Exclusive News

ਗੁਰਪੁਰਬ ਮੌਕੇ ਪਾਕਿਸਤਾਨ ਗਏ ਜਥੇ 'ਚੋਂ ਪੰਜਾਬ ਦੇ 3 ਸ਼ਰਧਾਲੂ ਲਾਪਤਾ

ਲਾਹੌਰ, 26 ਨਵੰਬਰ (ਆਵਾਜ਼ਿ ਕੌਮ ਬਿਊਰੋ)-ਸ੍ਰੀ ਗੁਰੂ ਨਾਨਕ ਦੇਵ ਜੀ ਦੇ ਗੁਰਪੁਰਬ ਸਬੰਧੀ ਪਾਕਿਸਤਾਨ ਗਏ ਸਿੱਖ ਸ਼ਰਧਾਲੂਆਂ ਦੇ ਜਥੇ ਵਿੱਚੋਂ ਪੰਜਾਬ ਦੇ ਰਹਿਣ ਵਾਲੇ ਤਿੰਨ ਸ਼ਰਧਾਲੂ ਲਾਪਤਾ ਹੋ ਗਏ ਹਨ। ਇਸ ਵਾਰ ਗੁਰਪੁਰਬ ਦੇ ਮੌਕੇ ਕੁੱਲ 2339 ਸ਼ਰਧਾਲੂ ਪਾਕਿਸਤਾਨ ਪਹੁੰਚੇ ਸਨ। ਪ੍ਰਾਪਤ ਜਾਣਕਾਰੀ ਅਨੁਸਾਰ ਇਹ ਜਥਾ 22 ਤਾਰੀਖ ਨੂੰ ਸ੍ਰੀ ਨਨਕਾਣਾ ਸਾਹਿਬ ਪਹੁੰਚਿਆ ਸੀ। ਇਹ ਤਿੰਨੋਂ ਸ਼ਰਧਾਲੂ 23 ਤੇ 24 ਤਾਰੀਖ ਨੂੰ ਨਨਕਾਣਾ ਸਾਹਿਬ ਵਿਖੇ ਮੌਜੂਦ ਸਨ ਪਰ 25 ਤਾਰੀਖ ਦੀ ਸਵੇਰ ਨੂੰ ਜਦੋਂ ਜਥਾ ਸ੍ਰੀ ਪੰਜਾ ਸਾਹਿਬ ਜਾਣ ਲਈ ਤਿਆਰ ਹੋਇਆ, ਤਾਂ ਇਹ ਤਿੰਨੋਂ ਉਸ ਸਮੇਂ ਉੱਥੇ ਨਹੀਂ ਮਿਲੇ। ਮਿਲੀ ਜਾਣਕਾਰੀ ਅਨੁਸਾਰ ਲਾਪਤਾ ਹੋਏ ਸ਼ਰਧਾਲੂਆਂ ਦੀ ਪਛਾਣ ਬਿਕਰ ਸਿੰਘ ਪੁੱਤਰ ਗੁਰਦਾਸ ਰਾਮ, ਵਾਸੀ ਖੇਖੇਵਾਲ, ਫਿਲੌਰ, ਜਲੰਧਰ, ਵਿਕਰਮਜੀਤ ਸਿੰਘ ਪੁੱਤਰ ਕੁੰਦਨ, ਵਾਸੀ ਗੁਰੂ ਨਾਨਕ ਕਾਲੋਨੀ, ਤਰਨ ਤਾਰਨ, ਹਰਪ੍ਰੀਤ ਸਿੰਘ ਪੁੱਤਰ ਕੰਵਲਜੀਤ ਸਿੰਘ, ਵਾਸੀ ਸੁਲਤਾਨਵਿੰਡ, ਅੰਮ੍ਰਿਤਸਰ ਵਜੋਂ ਹੋਈ ਹੈ। ਇਸ ਸਬੰਧੀ ਬਿਆਨ ਜਾਰੀ ਕਰਦਿਆਂ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਨੇ ਕਿਹਾ ਕਿ ਮੈਨੂੰ ਪਤਾ ਲੱਗਾ ਹੈ ਕਿ ਇਸ ਘਟਨਾ ਵਿੱਚ ਸ਼੍ਰੋਮਣੀ ਕਮੇਟੀ ਵੱਲੋਂ ਗਏ ਸਮੂਹ ਵਿੱਚੋਂ ਤਿੰਨ ਲੋਕ ਲਾਪਤਾ ਹਨ। ਕੀ ਜਾਣ ਵਾਲੇ ਸ਼ਰਧਾਲੂ ਆਪਣੀ ਮਰਜ਼ੀ ਨਾਲ ਗਏ ਸਨ ? ਅਜਿਹਾ ਲਗਦਾ ਹੈ ਕਿ ਉਨ੍ਹਾਂ ਨੇ ਅਜਿਹਾ ਕੀਤਾ ਸੀ। ਹਾਲਾਂਕਿ, ਜੇਕਰ ਲੋਕ ਅਜਿਹੀਆਂ ਗਤੀਵਿਧੀਆਂ ਵਿੱਚ ਸ਼ਾਮਲ ਹੁੰਦੇ ਹਨ, ਤਾਂ ਇਹ ਸਹੀ ਨਹੀਂ ਹੈ ਅਤੇ ਅਫਸੋਸਜਨਕ ਹੈ। ਪਾਕਿਸਤਾਨ ਸਰਕਾਰ ਨੂੰ ਇਸਦੀ ਜਾਂਚ ਕਰਨੀ ਚਾਹੀਦੀ ਹੈ।

ਅਮਿਤਾਭ ਬੱਚਨ ਦੇ ਬੰਗਲੇ ਸਮੇਤ

3 ਥਾਵਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ

ਮੁੰਬਈ, 26 ਨਵੰਬਰ (ਆਵਾਜ਼ਿ ਕੌਮ ਬਿਊਰੋ)-ਮਹਾਰਾਸ਼ਟਰ ਦੀ ਰਾਜਧਾਨੀ ਮੁੰਬਈ ਵਿੱਚ ਬੰਬ ਦੀ ਧਮਕੀ ਨੇ ਹੜਕੰਪ ਮਚਾ ਦਿੱਤਾ ਹੈ। ਮੁੰਬਈ ਦੀ ਮੇਅਰ ਰਿਤੂ ਤਾਵੜੇ ਅਤੇ ਬੀਐਮਸੀ ਕਮਿਸ਼ਨਰ ਅਸ਼ਵਨੀ ਭਿਡੇ ਨੂੰ ਇੱਕ ਧਮਕੀ ਭਰਿਆ ਈਮੇਲ ਭੇਜਿਆ ਗਿਆ ਹੈ, ਜਿਸ ਵਿੱਚ ਮੇਅਰ ਦੇ ਦਫ਼ਤਰ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਦਿੱਤੀ ਗਈ ਹੈ। ਇਸ ਤੋਂ ਇਲਾਵਾ ਈਮੇਲ ਵਿੱਚ ਇਹ ਵੀ ਦਾਅਵਾ ਕੀਤਾ ਗਿਆ ਹੈ ਕਿ ਮੁੰਬਈ ਵਿੱਚ 2 ਹੋਰ ਥਾਵਾਂ 'ਤੇ ਬੰਬ ਲਗਾਏ ਗਏ ਹਨ। ਧਮਕੀ ਭਰੇ ਈਮੇਲ ਵਿੱਚ ਦਾਅਵਾ ਕੀਤਾ ਗਿਆ ਹੈ ਕਿ ਸਿਓਨ ਦੇ ਮਹਾਲਕਸ਼ਮੀ ਜਲਸਾ ਬੰਗਲੇ ਅਤੇ ਆਚਾਰੀਆ ਮੈਟਰੋ ਸਟੇਸ਼ਨ 'ਤੇ ਬੰਬ ਰੱਖੇ ਗਏ ਹਨ। ਈਮੇਲ ਵਿੱਚ ਇਨ੍ਹਾਂ ਥਾਵਾਂ ਨੂੰ ਨਿਸ਼ਾਨਾ ਬਣਾਉਣ ਦੀ ਧਮਕੀ ਦਿੱਤੀ ਗਈ ਹੈ। ਇਸ ਜਾਣਕਾਰੀ ਨੇ ਸਬੰਧਤ ਅਧਿਕਾਰੀਆਂ ਵਿੱਚ ਹਲਚਲ ਤੇਜ਼ ਕਰ ਦਿੱਤੀ ਹੈ। ਧਮਕੀ ਭਰੀ ਈਮੇਲ ਮਿਲਣ ਤੋਂ ਬਾਅਦ ਮੁੰਬਈ ਵਿੱਚ ਪੁਲਿਸ ਪ੍ਰਸ਼ਾਸਨ ਅਲਰਟ ਮੋਡ 'ਤੇ ਚਲਾ ਗਿਆ ਹੈ। ਸੁਰੱਖਿਆ ਏਜੰਸੀਆਂ ਨੇ ਮੁੰਬਈ ਦੀ ਮੇਅਰ ਰਿਤੂ ਤਾਵੜੇ ਅਤੇ ਨਗਰ ਨਿਗਮ ਕਮਿਸ਼ਨਰ ਅਸ਼ਵਨੀ ਦੇ ਦਫਤਰਾਂ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਇਸ ਤੋਂ ਇਲਾਵਾ ਸ਼ਹਿਰ ਦੇ ਬੀਐਮਸੀ ਦਫਤਰਾਂ ਅਤੇ ਮੈਟਰੋ ਸਟੇਸ਼ਨਾਂ 'ਤੇ ਵੀ ਸੁਰੱਖਿਆ ਵਧਾ ਦਿੱਤੀ ਗਈ ਹੈ। ਜਾਣਕਾਰੀ ਅਨੁਸਾਰ ਇਸ ਸਾਲ ਇਹ ਪੰਜਵੀਂ ਵਾਰ ਹੈ ਜਦੋਂ ਮੁੰਬਈ ਦੇ ਮੇਅਰ ਦੇ ਦਫਤਰ ਨੂੰ ਧਮਕੀ ਮਿਲੀ ਹੈ। ਪੁਲਿਸ ਦੇ ਅਨੁਸਾਰ ਧਮਕੀ ਭਰੀ ਈਮੇਲ ਹੰਨਾਹ ਮਾਅਰ ਦੇ ਨਾਮ 'ਤੇ ਬਣਾਈ ਗਈ ਇੱਕ ਈਮੇਲ ਆਈਡੀ ਤੋਂ ਭੇਜੀ ਗਈ ਸੀ। ਹਾਲਾਂਕਿ, ਈਮੇਲ ਵਿੱਚ ਕਥਿਤ ਤੌਰ 'ਤੇ ਖਾਲਿਸਤਾਨ ਨੈਸ਼ਨਲ ਆਰਮੀ ਅਤੇ ਬੱਬਰ ਖਾਲਸਾ (ਪਰਮਾਰ-ਕੈਨੇਡਾ) ਵਰਗੇ ਸੰਗਠਨਾਂ ਦੇ ਨਾਮ 'ਤੇ ਹਮਲੇ ਦੀ ਜ਼ਿੰਮੇਵਾਰੀ ਲਈ ਗਈ ਹੈ। ਈਮੇਲ ਵਿੱਚ ਇੰਜੀਨੀਅਰ ਗੁਰਨਖ ਸਿੰਘ (ਰੁਕੁਨ ਸ਼ਾਹਵਾਲਾ), ਡਾਕਟਰ ਗੁਰਨਿਰਵੈਰ ਸਿੰਘ (ਖਾਨ ਰਜ਼ਾਦਾ), ਪ੍ਰੋਫੈਸਰ ਗੁਰਅਕਾਲ ਸਿੰਘ ਪੀਐਚਡੀ (ਖੇਮ ਕਰਨ) ਅਤੇ ਪ੍ਰੋਫੈਸਰ ਗੁਰਨਗਰ ਸਿੰਘ (ਜੰਡਿਆਲਾ ਗੁਰੂ) ਦੇ ਨਾਮ ਅਤੇ ਪਤੇ ਵੀ ਸ਼ਾਮਲ ਹਨ। ਈਮੇਲ ਵਿੱਚ ਕਥਿਤ ਤੌਰ 'ਤੇ ਖਾਲਿਸਤਾਨੀ ਵੱਖਵਾਦੀ ਨਾਅਰੇ ਅਤੇ ਮੁੰਬਈ ਵਿੱਚ ਗ੍ਰਨੇਡ ਹਮਲਿਆਂ ਦੀ ਚੇਤਾਵਨੀ ਹੈ। ਭੇਜਣ ਵਾਲੇ ਨੇ ਸ਼ਹਿਰ ਵਿੱਚ ਬੀਐਮਸੀ ਦਫਤਰਾਂ ਅਤੇ ਜਨਤਕ ਬੁਨਿਆਦੀ ਢਾਂਚੇ ਨੂੰ ਨਿਸ਼ਾਨਾ ਬਣਾਉਣ ਦੀ ਧਮਕੀ ਵੀ ਦਿੱਤੀ ਹੈ।



ਹਰਿਆਣਾ 'ਚ ਗੈਂਗਵਾਰ, ਮਿਲਾਨ ਹੋਟਲ 'ਚ 4 ਨੌਜਵਾਨਾਂ ਦਾ ਕਤਲ

ਰੋਹਤਕ, 26 ਨਵੰਬਰ (ਆਵਾਜ਼ਿ ਕੌਮ ਬਿਊਰੋ)-ਵੀਰਵਾਰ ਸਵੇਰੇ ਹਰਿਆਣਾ ਦੇ ਰੋਹਤਕ ਵਿੱਚ ਇੱਕ ਭਿਆਨਕ ਗੈਂਗਵਾਰ ਨੇ ਹਿਲਾ ਕੇ ਰੱਖ ਦਿੱਤਾ, ਜਦੋਂ ਇੱਕ ਹੋਟਲ ਵਿੱਚ ਹੋਈ ਗੋਲੀਬਾਰੀ ਦੀ ਘਟਨਾ ਵਿੱਚ ਚਾਰ ਵਿਅਕਤੀਆਂ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ। ਇਹ ਘਟਨਾ ਖਰਾਵੜ ਪਿੰਡ ਦੇ ਨੇੜੇ ਮਿਲਨ ਢਾਬੇ 'ਤੇ ਸਵੇਰੇ 1 ਵਜੇ ਦੇ ਕਰੀਬ ਵਾਪਰੀ, ਜਦੋਂ ਵਿਰੋਧੀ ਗੈਂਗਾਂ ਦੇ ਮੈਂਬਰ ਕਥਿਤ ਤੌਰ 'ਤੇ ਆਹਮੋ-ਸਾਹਮਣੇ ਆ ਗਏ ਅਤੇ ਗੋਲੀਆਂ ਚਲਾ ਦਿੱਤੀਆਂ। ਸ਼ੁਰੂਆਤੀ ਜਾਣਕਾਰੀ ਤੋਂ ਪਤਾ ਚੱਲਦਾ ਹੈ ਕਿ ਗੋਲੀਬਾਰੀ ਬਾਬਾ ਅਤੇ ਹਿਮਾਂਸ਼ੂ ਭਾਊ ਗੈਂਗਾਂ ਵਿਚਕਾਰ ਹੋਈ ਦੁਸ਼ਮਣੀ ਨਾਲ ਜੁੜੀ ਹੋਈ ਸੀ। ਕਥਿਤ ਤੌਰ 'ਤੇ ਗੋਲੀਬਾਰੀ ਵਿੱਚ ਚਾਰ ਨੌਜਵਾਨਾਂ ਦੀ ਮੌਤ ਹੋ ਗਈ, ਜਿਸ ਨਾਲ ਹੋਟਲ ਦਾ ਅਹਾਤਾ ਅਪਰਾਧ ਘਟਨਾ ਵਿੱਚ ਬਦਲ ਗਿਆ ਅਤੇ ਪੂਰੇ ਖੇਤਰ ਵਿੱਚ ਹੜਕੰਪ ਮਚ ਗਿਆ। ਗੋਲੀਬਾਰੀ ਕਾਰਨ ਆਲੇ-ਦੁਆਲੇ ਦੇ ਇਲਾਕੇ ਵਿੱਚ ਦਹਿਸ਼ਤ ਫੈਲ ਗਈ, ਘਟਨਾ ਦੀ ਸੂਚਨਾ ਮਿਲਣ ਤੋਂ ਬਾਅਦ ਪੁਲਿਸ ਮੌਕੇ 'ਤੇ ਪਹੁੰਚ ਗਈ। ਅਧਿਕਾਰੀਆਂ ਨੇ ਗੋਲੀਬਾਰੀ ਦੇ ਆਲੇ-ਦੁਆਲੇ ਦੇ ਹਾਲਾਤਾਂ ਦਾ ਪਤਾ ਲਗਾਉਣ ਅਤੇ ਸ਼ਾਮਲ ਲੋਕਾਂ ਦੀ ਪਛਾਣ ਅਤੇ ਸਬੰਧਾਂ ਦਾ ਪਤਾ ਲਗਾਉਣ ਲਈ ਜਾਂਚ ਸ਼ੁਰੂ ਕਰ ਦਿੱਤੀ ਹੈ। ਜਾਣਕਾਰੀ ਅਨੁਸਾਰ, ਮ੍ਰਿਤਕਾਂ ਵਿੱਚ ਪਿੰਡ ਡਿਘਲ ਦੇ ਤਿੰਨ ਨੌਜਵਾਨ ਅਤੇ ਬੇਰੀ ਦਾ ਇੱਕ ਨੌਜਵਾਨ ਸ਼ਾਮਲ ਹੈ, ਜਿਨ੍ਹਾਂ ਦੀ ਪਛਾਣ ਰਿੰਕੂ ਪੁੱਤਰ ਜਗਬੀਰ, ਵਿਨੀਤ ਪੁੱਤਰ ਜੈਬੀਰ, ਗੰਜੂ ਪੁੱਤਰ ਰਾਜਬੀਰ ਵਾਸੀ ਦਿਘਲ ਅਤੇ ਹਿਮਾਂਸ਼ੂ ਪੁੱਤਰ ਰਾਜਬੀਰ ਵਾਸੀ ਬੇਰੀ ਵਜੋਂ ਹੋਈ ਹੈ। ਮ੍ਰਿਤਕਾਂ ਦੇ ਸਬੰਧ ਸੰਨੀ ਗੈਂਗ ਨਾਲ ਦੱਸੇ ਜਾ ਰਹੇ ਹਨ।



Netflix 'ਤੇ ਭਾਰਤ ਸਰਕਾਰ ਦੀ ਸਖ਼ਤੀ, ਪਾਕਿਸਤਾਨੀ ਵੈੱਬ ਸੀਰੀਜ਼ ਦੀ ਸਟ੍ਰੀਮਿੰਗ 'ਤੇ ਰੋਕ ਲਾਉਣ ਦੇ ਹੁਕਮ

ਨਵੀਂ ਦਿੱਲੀ, 26 ਨਵੰਬਰ (ਆਵਾਜ਼ਿ ਕੌਮ ਬਿਊਰੋ)-ਭਾਰਤ ਸਰਕਾਰ ਦੇ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਨੇ ਨੈੱਟਫਲਿਕਸ ਨੂੰ ਸਖ਼ਤ ਨਿਰਦੇਸ਼ ਦਿੱਤੇ ਹਨ ਕਿ ਭਾਰਤ ਵਿੱਚ ਪਾਕਿਸਤਾਨੀ ਮੂਲ ਦੀ ਸਮੱਗਰੀ ਦੀ ਸਟ੍ਰੀਮਿੰਗ ਨਾ ਕੀਤੀ ਜਾਵੇ। ਦਰਅਸਲ ਪਾਕਿਸਤਾਨੀ ਵੈੱਬ ਸੀਰੀਜ਼ 'ਜੋ ਬਚੇ ਹੈਂ ਸੰਗ ਸਮੇਟ ਲੋ' ਦੇ ਟ੍ਰੇਲਰ ਅਤੇ ਸੰਭਾਵਿਤ ਰਿਲੀਜ਼ ਨੂੰ ਲੈ ਕੇ ਮਿਲੀਆਂ ਸ਼ਿਕਾਇਤਾਂ ਤੋਂ ਬਾਅਦ ਮੰਤਰਾਲੇ ਨੇ ਇਹ ਨਿਰਦੇਸ਼ ਜਾਰੀ ਕੀਤੇ ਹਨ। ਮੰਤਰਾਲੇ ਨੇ ਨੈੱਟਫਲਿਕਸ ਨੂੰ 8 ਮਈ 2025 ਦੀ ਸਰਕਾਰੀ ਸਲਾਹ ਦੀ ਪਾਲਣਾ ਕਰਨ ਲਈ ਕਿਹਾ ਹੈ, ਜਿਸ ਵਿੱਚ ਓਟੀਟੀ (OTT) ਪਲੇਟਫਾਰਮਾਂ ਨੂੰ ਭਾਰਤ ਵਿੱਚ ਪਾਕਿਸਤਾਨੀ ਸਮੱਗਰੀ ਬੰਦ ਕਰਨ ਲਈ ਕਿਹਾ ਗਿਆ ਸੀ। ਇਸਦੇ ਨਾਲ ਹੀ ਜੂਨ ਵਿੱਚ ਨੈੱਟਫਲਿਕਸ ਵੱਲੋਂ ਦਿੱਤੀ ਉਸ ਵਚਨਬੱਧਤਾ ਦੀ ਯਾਦ ਦਿਵਾਈ ਗਈ ਹੈ ਜਿਸ ਅਨੁਸਾਰ ਭਾਰਤੀ ਗਾਹਕਾਂ ਲਈ ਕੋਈ ਪਾਕਿਸਤਾਨੀ ਫ਼ਿਲਮ ਜਾਂ ਸੀਰੀਜ਼ ਉਪਲਬਧ ਨਹੀਂ ਕਰਵਾਈ ਜਾਵੇਗੀ। ਅਪ੍ਰੈਲ 2025 ਦੇ ਪਹਿਲਗਾਮ ਹਮਲੇ ਤੋਂ ਬਾਅਦ ਭਾਰਤ ਵਿੱਚ ਪਾਕਿਸਤਾਨੀ ਸਮੱਗਰੀ ਖ਼ਿਲਾਫ਼ ਸਖ਼ਤ ਰੁਖ਼ ਅਪਣਾਇਆ ਗਿਆ ਸੀ। ਹੁਣ ਆਲ ਇੰਡੀਆ ਸਿਨੇ ਵਰਕਰਜ਼ ਐਸੋਸੀਏਸ਼ਨ ਨੇ ਵੀ ਪ੍ਰਧਾਨ ਮੰਤਰੀ ਨੂੰ ਪੱਤਰ ਲਿਖ ਕੇ ਇਸ ਸੀਰੀਜ਼ 'ਤੇ ਰੋਕ ਲਾਉਣ ਦੀ ਮੰਗ ਕੀਤੀ ਸੀ, ਜਦਕਿ ਦੂਜੇ ਪਾਸੇ ਪਾਕਿਸਤਾਨ ਦੇ ਯੋਜਨਾ ਮੰਤਰੀ ਅਹਿਸਾਨ ਇਕਬਾਲ ਨੇ ਭਾਰਤ ਵਿੱਚ ਇਸ ਸੀਰੀਜ਼ 'ਤੇ ਪਾਬੰਦੀ ਲਾਉਣ ਦੀ ਮੰਗ ਦਾ ਵਿਰੋਧ ਕੀਤਾ ਹੈ। ਸਰਕਾਰੀ ਸੂਤਰਾਂ ਅਨੁਸਾਰ ਮੰਤਰਾਲੇ ਨੂੰ ਪਾਕਿਸਤਾਨ ਆਧਾਰਿਤ ਵੈੱਬ ਸੀਰੀਜ਼ 'ਜੋ ਬਚੇ ਹੈਂ ਸੰਗ ਸਮੇਟ ਲੋ' ਨੂੰ ਭਾਰਤ ਵਿੱਚ ਰਿਲੀਜ਼ ਕੀਤੇ ਜਾਣ ਦੀਆਂ ਸੰਭਾਵਨਾਵਾਂ ਸਬੰਧੀ ਕਈ ਸ਼ਿਕਾਇਤਾਂ ਅਤੇ ਇਤਰਾਜ਼ ਮਿਲੇ ਸਨ। ਇਸ ਤੋਂ ਬਾਅਦ Netflix ਨੂੰ 8 ਮਈ 2025 ਨੂੰ ਜਾਰੀ ਕੀਤੀ ਗਈ ਸਰਕਾਰੀ ਸਲਾਹ ਦੀ ਪਾਲਣਾ ਕਰਨ ਲਈ ਕਿਹਾ ਗਿਆ ਹੈ। ਜ਼ਿਕਰਯੋਗ ਹੈ ਕਿ ਜੂਨ 2025 ਵਿੱਚ Netflix ਨੇ ਮੰਤਰਾਲੇ ਨੂੰ ਭਰੋਸਾ ਦਿੱਤਾ ਸੀ ਕਿ ਪਾਕਿਸਤਾਨ ਵਿੱਚ ਬਣੀ ਕੋਈ ਵੀ ਫ਼ਿਲਮ ਜਾਂ ਵੈੱਬ ਸੀਰੀਜ਼ ਭਾਰਤ ਵਿੱਚ ਉਪਲਬਧ ਨਹੀਂ ਕਰਵਾਈ ਗਈ। ਹੁਣ ਸਰਕਾਰ ਨੇ ਕੰਪਨੀ ਨੂੰ ਆਪਣੇ ਉਸੇ ਭਰੋਸੇ 'ਤੇ ਕਾਇਮ ਰਹਿਣ ਲਈ ਕਿਹਾ ਹੈ। ਇਸ ਵੈੱਬ ਸੀਰੀਜ਼ ਦਾ ਟ੍ਰੇਲਰ ਮੰਗਲਵਾਰ ਨੂੰ ਜਾਰੀ ਹੋਇਆ ਸੀ ਅਤੇ ਇਸ ਦੀ ਸਟ੍ਰੀਮਿੰਗ 4 ਦਸੰਬਰ ਤੋਂ ਸ਼ੁਰੂ ਹੋਣੀ ਤੈਅ ਹੈ।



ਮਿਸਰ 'ਚ ਤੇਲ ਟੈਂਕਰ ਧਮਾਕੇ, ਜਿਊਂਦਾ ਸੜੇ 31 ਲੋਕ, 21 ਤੋਂ ਵੱਧ ਜ਼ਖ਼ਮੀ

ਮਿਸਰ, 26 ਨਵੰਬਰ (ਆਵਾਜ਼ਿ ਕੌਮ ਬਿਊਰੋ)-ਮਿਸਰ ਦੀ ਰਾਜਧਾਨੀ ਕਾਹਿਰਾ ਦੇ ਰਿੰਗ ਰੋਡ 'ਤੇ ਇੱਕ ਤੇਲ ਟੈਂਕਰ ਨੂੰ ਅੱਗ ਲੱਗਣ ਨਾਲ ਘੱਟੋ-ਘੱਟ 31 ਲੋਕਾਂ ਦੀ ਮੌਤ ਹੋ ਗਈ ਅਤੇ 21 ਹੋਰ ਜ਼ਖਮੀ ਹੋ ਗਏ। ਧਮਾਕੇ ਤੋਂ ਬਾਅਦ ਲੱਗੀ ਅੱਗ ਤੇਜ਼ੀ ਨਾਲ ਫੈਲ ਗਈ, ਜਿਸ ਨੇ ਨੇੜੇ-ਤੇੜੇ ਦੇ ਦਰਜਨਾਂ ਵਾਹਨਾਂ ਨੂੰ ਆਪਣੀ ਲਪੇਟ ਵਿੱਚ ਲੈ ਲਿਆ। ਦੱਸਿਆ ਜਾ ਰਿਹਾ ਹੈ ਕਿ ਤੇਜ਼ ਰਫ਼ਤਾਰ ਤੇਲ ਟੈਂਕਰ ਕੰਟਰੋਲ ਗੁਆ ਬੈਠਾ ਅਤੇ ਹਾਈਵੇਅ 'ਤੇ ਪਲਟ ਗਿਆ, ਜਿਸ ਨਾਲ ਧਮਾਕੇ ਨਾਲ ਅੱਗ ਲੱਗ ਗਈ। ਫਾਇਰ ਬ੍ਰਿਗੇਡ ਨੇ ਅੱਗ 'ਤੇ ਕਾਬੂ ਪਾ ਲਿਆ। ਫਾਇਰ ਬ੍ਰਿਗੇਡ ਨੇ ਹੁਣ ਅੱਗ 'ਤੇ ਕਾਬੂ ਪਾ ਲਿਆ ਹੈ ਅਤੇ ਜ਼ਖਮੀਆਂ ਨੂੰ ਹਸਪਤਾਲ ਪਹੁੰਚਾਇਆ ਗਿਆ ਹੈ। ਕਈ ਜ਼ਖਮੀਆਂ ਦੀ ਹਾਲਤ ਨਾਜ਼ੁਕ ਹੈ। ਇਹ ਖਦਸ਼ਾ ਹੈ ਕਿ ਮੌਤਾਂ ਦੀ ਗਿਣਤੀ ਹੋਰ ਵੱਧ ਸਕਦੀ ਹੈ। ਜ਼ਖਮੀਆਂ ਨੂੰ ਜ਼ਾਇਦ ਸਪੈਸ਼ਲਾਈਜ਼ਡ ਇਮਬਾਬਾ ਜਨਰਲ ਅਤੇ ਵਾਰਾਕ ਸੈਂਟਰਲ ਹਸਪਤਾਲਾਂ ਵਿੱਚ ਦਾਖਲ ਕਰਵਾਇਆ ਗਿਆ ਹੈ। ਬਚਾਅ ਕਾਰਜ ਲਈ 39 ਐਂਬੂਲੈਂਸਾਂ ਤਾਇਨਾਤ ਕੀਤੀਆਂ ਗਈਆਂ ਹਨ। ਮਿਸਰ ਦੇ ਅਧਿਕਾਰੀਆਂ ਨੇ ਕਿਹਾ ਕਿ ਬੁੱਧਵਾਰ ਨੂੰ ਕਾਹਿਰਾ ਨੇੜੇ ਇੱਕ ਬਾਲਣ ਟੈਂਕਰ ਦੇ ਹਾਦਸਾਗ੍ਰਸਤ ਹੋਣ ਤੋਂ ਬਾਅਦ ਇੱਕ ਭਾਰੀ ਅੱਗ ਲੱਗ ਗਈ, ਜਿਸ ਵਿੱਚ ਘੱਟੋ-ਘੱਟ 31 ਲੋਕਾਂ ਦੀ ਮੌਤ ਹੋ ਗਈ। ਰਾਤ ਦੇ ਅਸਮਾਨ ਵਿੱਚ ਅੱਗ ਦੀਆਂ ਲਪਟਾਂ ਉੱਚੀਆਂ ਉੱਠਦੀਆਂ ਦੇਖੀਆਂ ਗਈਆਂ। ਸਿਹਤ ਮੰਤਰਾਲੇ ਦੇ ਤਾਜ਼ਾ ਅੰਕੜਿਆਂ ਅਨੁਸਾਰ, ਮਿਸਰ ਦੀ ਰਾਜਧਾਨੀ ਨੂੰ ਘੇਰਦੇ ਰਿੰਗ ਰੋਡ 'ਤੇ ਲੱਗੀ ਅੱਗ ਵਿੱਚ ਘੱਟੋ-ਘੱਟ 21 ਲੋਕ ਜ਼ਖਮੀ ਹੋ ਗਏ ਅਤੇ ਦੋ ਦਰਜਨ ਤੋਂ ਵੱਧ ਕਾਰਾਂ ਅਤੇ ਮੋਟਰਸਾਈਕਲ ਸੜ ਗਏ। ਇਹ ਹਾਦਸਾ ਕਾਹਿਰਾ ਦੇ ਇਮਬਾਬਾ ਉਪਨਗਰ ਦੇ ਵਾਰਾਕ ਖੇਤਰ ਵਿੱਚ ਵਾਪਰਿਆ। ਸਿਹਤ ਮੰਤਰਾਲੇ ਦੇ ਅਨੁਸਾਰ, ਅੱਗ ਗੀਜ਼ਾ ਦੇ ਅਲ-ਵਾਰਾਕ ਜ਼ਿਲ੍ਹੇ ਵਿੱਚ ਇੱਕ ਸੁਰੰਗ ਦੇ ਉੱਪਰ ਲੱਗੀ। ਰਿੰਗ ਰੋਡ ਗ੍ਰੇਟਰ ਕਾਹਿਰਾ ਦੇ ਮੁੱਖ ਹਾਈਵੇਅ ਨੂੰ ਜੋੜਦਾ ਹੈ। ਇਹ ਹਾਈਵੇਅ ਕਾਹਿਰਾ, ਗੀਜ਼ਾ ਅਤੇ ਕਲਯੂਬੀਆ ਪ੍ਰਾਂਤਾਂ ਨੂੰ ਜੋੜਨ ਵਾਲਾ ਇੱਕ ਮਹੱਤਵਪੂਰਨ ਰਸਤਾ ਹੈ। ਘਟਨਾ ਦੀ ਫੁਟੇਜ ਵਿੱਚ ਹਾਈਵੇਅ 'ਤੇ ਕਈ ਵਾਹਨਾਂ ਨੂੰ ਅੱਗ ਲੱਗ ਗਈ, ਹਵਾ ਵਿੱਚ ਸੰਘਣਾ ਧੂੰਆਂ ਉੱਠ ਰਿਹਾ ਸੀ। ਬਚਾਅ ਕਰਮਚਾਰੀਆਂ ਨੇ ਪੀੜਤਾਂ ਨੂੰ ਸੜੇ ਹੋਏ ਵਾਹਨਾਂ ਤੋਂ ਬਾਹਰ ਕੱਢਿਆ ਜਦੋਂ ਕਿ ਫਾਇਰਫਾਈਟਰ ਅੱਗ 'ਤੇ ਕਾਬੂ ਪਾਉਣ ਲਈ ਕੰਮ ਕਰ ਰਹੇ ਸਨ। ਕਾਹਿਰਾ ਦੇ ਇੱਕ ਉਪਨਗਰ, ਇਮਬਾਬਾ ਦੇ ਵਾਰਾਕ ਜ਼ਿਲ੍ਹੇ ਵਿੱਚ ਘਟਨਾ ਸਥਾਨ ਦੇ ਨੇੜੇ ਸੈਂਕੜੇ ਲੋਕ ਇਕੱਠੇ ਹੋਏ ਸਨ। ਅੱਗ ਲੱਗਣ ਤੋਂ ਬਾਅਦ ਅੱਗ ਬੁਝਾਊ ਦਸਤੇ ਅੱਗ 'ਤੇ ਕਾਬੂ ਪਾਉਣ ਦੀ ਕੋਸ਼ਿਸ਼ ਕਰਦੇ ਦੇਖੇ ਗਏ, ਜੋ ਕਈ ਕਾਰਾਂ ਵਿੱਚ ਫੈਲ ਗਈ ਸੀ। ਘਟਨਾ ਤੋਂ ਬਾਅਦ ਸੈਂਕੜੇ ਲੋਕ ਘਟਨਾ ਸਥਾਨ ਦੇ ਆਲੇ-ਦੁਆਲੇ ਇਕੱਠੇ ਹੋ ਗਏ। ਮਿਸਰ ਦੇ ਰਾਸ਼ਟਰਪਤੀ ਅਬਦੇਲ ਫਤਿਹ ਅਲ-ਸੀਸੀ ਨੇ ਇੱਕ ਬਿਆਨ ਜਾਰੀ ਕਰਕੇ ਹਾਦਸੇ ਵਿੱਚ ਮਾਰੇ ਗਏ ਲੋਕਾਂ ਲਈ ਸੰਵੇਦਨਾ ਪ੍ਰਗਟ ਕੀਤੀ ਹੈ ਅਤੇ ਪੀੜਤਾਂ ਦੇ ਪਰਿਵਾਰਾਂ ਪ੍ਰਤੀ ਹਮਦਰਦੀ ਪ੍ਰਗਟ ਕੀਤੀ ਹੈ। ਦੱਸ ਦਈਏ ਕਿ ਇਸ ਤੋਂ ਪਹਿਲਾਂ

TPU - THE PANJAB UNIVERSE

LEARN | TRADE | GROW | EARN FOR LIFE

ਸਿੱਖੋ ਟਰੇਡਿੰਗ, ਬਦਲੋ ਆਪਣੀ ਜ਼ਿੰਦਗੀ

ਸਾਡੀਆਂ ਸੇਵਾਵਾਂ:

- 100% ਪ੍ਰੈਕਟੀਕਲ ਟਰੇਡਿੰਗ
- ਲਾਈਵ ਮਾਰਕੀਟ ਸਿਖਲਾਈ
- ਬਿਗਨਰ ਤੋਂ ਐਡਵਾਂਸ ਲੈਵਲ ਤੱਕ
- ਇਨਕਿਊਬੇਟਰ ਗਾਈਡੈਂਸ
- ਲਾਈਫ ਟਾਈਮ ਸਪੋਰਟ

ਕੋਰਸ ਵਿੱਚ ਸ਼ਾਮਲ:

- ਇੰਟਰਾਡੇ
- ਸਵਿੰਗ
- ਆਪਸ਼ਨ
- ਸਟਾਕ ਮਾਰਕੀਟ ਬੇਸਿਕ ਤੋਂ ਐਡਵਾਂਸ
- ਰਿਸਕ ਮੈਨੇਜਮੈਂਟ
- ਇਨਵੈਸਟਮੈਂਟ ਸਟ੍ਰੈਟਜੀ
- ਪ੍ਰੈਕਟੀਕਲ ਟਰੇਡਿੰਗ ਸਿਸਟਮ

ਆਵਾਜ਼ ਕੌਮ AWAZE QAUM International Newspaper & WEB TV

ਆਪਣੇ ਹੁਨਰ ਨੂੰ ਪੈਸ਼ੇ ਵਿੱਚ ਬਦਲੋ


ਘਰ ਬੈਠੇ ਡਾਲਰ ਕਮਾਓ - ਆਪਣੇ ਬੱਚਿਆਂ ਨੂੰ ਵੀ
ਸ਼ਿਖਾ ਸਕਦੇ ਹੋ, ਉਹਨਾਂ ਦਾ ਭਵਿੱਖ ਸਵਾਰ ਸਕਦੇ ਹੋ

+91 76961 59766

Instagram: thepanjabuniverse / the.panjabuniverse (ਜਲੰਧਰ)

ਸਾਡਾ ਪਤਾ: Lambra near Jalandhar

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ



Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ
ਦਮਦਮੀ ਟਕਸਾਲ
ਨਾਮ ਜਪੋ Naam Japo
ਕਿਰਤ ਕਰੋ Kirat Karo
ਵੰਡ ਛੱਕੋ Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke
Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and
Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Comtact :
+447458381111
+447976210161
+919729091243
ਆਵਾਜ਼ਿ ਕੌਮ AWAZE QAUM TV
ਭਾਈ ਰਘਵੀਰ ਸਿੰਘ ਵਾਲਸਾਲ
ਮੁੱਖ ਸੰਪਾਦਕ
ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ
ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

ਸਮੂਹ ਪੱਤਰਕਾਰਾਂ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੇ ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਗ਼ੈਰ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ ਨੂੰ ਛਾਪਣ ਤੋਂ ਅਸਮਰਥ ਹੋਵਾਂਗੇ। -ਭਾਈ ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ

ਮਾਲਵੇ ਦੀ ਧਰਤੀ ਦਾ ਮਹਾਨ ਸੂਰਮਾ- ਸੁੱਚਾ ਸਿੰਘ

ਪੰਜਾਬ ਦੇ ਮਾਲਵਾ ਖੇਤਰ ਦਾ ਇਕ ਪ੍ਰਸਿੱਧ ਨਾਇਕ ਸੀ,ਜਿਸ ਦੀ ਦਲੇਰੀ ਅਤੇ ਅਣਖ ਦੇ ਕਿਸੇ ਪੰਜਾਬੀ ਲੋਕ-ਧਾਰਾ ਦਾ ਅਹਿਮ ਹਿੱਸਾ ਹਨ।ਸੁੱਚਾ ਸਿੰਘ ਸੂਰਮਾ ਦੀਆਂ ਵਾਰਾਂ ਸਵਰਗੀ ਕੁਲਦੀਪ ਸਿੰਘ,ਗਾਇਕ ਸੁਰਿੰਦਰ ਸ਼ਿੰਦਾ ਅਤੇ ਮੁਹੰਮਦ ਸਦੀਕ ਸਮੇਤ ਅਨੇਕਾਂ ਗਾਇਕਾਂ ਨੇ ਵੱਖ-ਵੱਖ ਮੰਚਾਂ ਤੇ ਗਾਈਆਂ ਤੇ ਸੁੱਚਾ ਸੂਰਮਾ ਦੇ ਕਿੱਸੇ ਨੂੰ ਅਮਰ ਕੀਤਾ ਹੈ। ਸੁੱਚਾ ਸਿੰਘ ਸੂਰਮਾ 19 ਵੀਂ ਸਦੀ ਦੇ ਅਖੀਰ ਵਿੱਚ ਪੰਜਾਬ ਦੇ ਮਾਲਵੇ ਦੇ ਇਲਾਕੇ ਮਾਨਸਾ ਜਿਲ੍ਹੇ ਦੇ ਮਸ਼ਹੂਰ ਪਿੰਡ ਸਮਾਉਂ ਦਾ ਪ੍ਰਸਿੱਧ ਸੂਰਮਾ ਹੋਇਆ ਹੈ ,ਸੁੱਚੇ ਵੱਲੋਂ ਲੋਕਾਂ ਦੇ ਹਿੱਤਾਂ ਨਾਲ ਲੜ੍ਹਨ ਨੂੰ ਤਰਜੀਹ ਦਿੱਤੀ ਸੀ ।ਸੁੱਚੇ ਵਲੋਂ ਗਰੀਬ ਲੋੜਵੰਦਾਂ ਦੀ ਮੱਦਦ ਕੀਤੀ ਜਾਂਦੀ ਤੇ ਜਿੱਥੇ ਕੀਤੇ ਜਬਰ ਜੁਲਮ ਹੁੰਦਾ ਤਾਂ ਉੱਥੇ ਜਾ ਕੇ ਡੱਟ ਕੇ ਮੁਕਾਬਲਾ ਕਰਦਾ। ਸੁੱਚਾ ਸਿੰਘ ਆਪਣੇ ਨਰਾਇਣ ਭਰਾ ਤੋਂ 2 ਤੋਂ 3 ਸਾਲ ਛੋਟਾ ਸੀ ।ਸੁੱਚੇ ਦੇ ਜਨਮ ਸਮੇਂ ਸਮਾਉਂ ਪਟਿਆਲਾ ਰਿਆਸਤ ਵਿੱਚ ਪੈਂਦਾ ਸੀ ।ਸੁੱਚਾ ਛੋਟਾ ਹੁੰਦਾ ਆਪਣੇ ਨਾਨਕੇ ਪਿੰਡ ਗਹਿਰੀ ਭਾਗੀ ਜਿਲ੍ਹਾ ਬਠਿੰਡਾ ਰਿਹਾ ।ਗਹਿਰੀ ਭਾਗੀ ਦੇ ਬੜ੍ਹੇ ਮਸ਼ਹੂਰ ਪਹਿਲਵਾਨ ਹੋਏ ਹਨ ।ਵੇਖੋ ਵੇਖੀ ਸੁੱਚੇ ਨੂੰ ਪਹਿਲਵਾਨੀ ਕੋ ਸ਼ੌਕ ਪੈ ਗਿਆ ।ਸੁੱਚੇ ਦੀ ਬਚਪਨ ਤੋਂ ਹੀ ਪਿੰਡ ਦੇ ਆਪਣੇ ਦੋਸਤ ਘੁੱਕਰ ਨਾਲ ਯਾਰੀ ਪੈ ਗਈ ।ਲਿਖਾਈ ਪੜ੍ਹਾਈ ਨਾਲ ਦੋਵੇਂ ਸ਼ੌਕੀਆਂ ਭਲਵਾਨੀ ਦਾਅ ਪੇਚ ਸਿੱਖਦੇ ।ਸੁੱਚਾ ਬੜਾ ਬਹਾਦਰ, ਨਿਰਭੈਅ, ਗਊ, ਗਰੀਬ ਦੀ ਰੱਖਿਆ ਕਰਨ ਵਾਲ਼ਾ ਅਤੇ ਅਣਖ-ਸਵੈਮਾਨ ਲਈ ਜਾਨ ਵਾਰਨ ਵਾਲ਼ਾ ਸੂਰਮਾ ਸੀ ।

ਘੁੱਕਰ ਨੇ ਸੁੱਚੇ ਨੂੰ ਆਪਣਾ ਪੱਗ-ਵੱਟ ਭਰਾ ਬਣਾ ਲਿਆ। ਉਹ ਅਕਸਰ ਸੁੱਚੇ ਦੇ ਘਰ ਆਉਣ ਲੱਗਾ ।ਸੁੱਚੇ ਦੇ ਵੱਡੇ ਭਰਾ ਨਰੈਣੇ ਦੀ ਭਰ ਜੋਬਨ ਮੁਟਿਆਰ ਵਹੁਟੀ ਬੀਰੋ ਦੀ ਮਸ਼ਾਲ ਵਾਂਗ ਲਟ-ਲਟ ਬਲਦੀ ਅੱਖ ਜਦੋਂ ਘੁੱਕਰ ਨਾਲ਼ ਲੜੀ ਤਾਂ ਉਹ ਵਿਨ੍ਹਿਆਂ ਗਿਆ। ਬੀਰੋ ਨੂੰ ਪਾਉਣ ਲਈ ਉਹ ਬਿਉਂਤਾਂ ਬਨਾਉਣ ਲੱਗਾ। ਉਸ ਦਾ ਮਨ ਬੇਈਮਾਨ ਹੋ ਗਿਆ ।ਘੁੱਕਰ ਨੇ ਸੁੱਚੇ ਨੂੰ ਰਾਸਤੇ ਵਿੱਚੋਂ ਪਾਸੇ ਕਰਨ ਲਈ ਦੋਵਾਂ ਨੂੰ ਫਿਰੋਜਪੁਰ ਭਰਤੀ ਹੋਣ ਲਈ ਤਿਆਰ ਕੀਤਾ ।ਦੋਵੇਂ ਫਿਰੋਜਪੁਰ ਭਰਤੀ ਹੋ ਗਏ ਪਰ ਸੁੱਚਾ ਰੰਗਰੂਟ ਭਰਤੀ ਹੋ ਗਿਆ ਅਤੇ ਘੁੱਕਰ ਕਿਸੇ ਕਾਰਨ ਫੌਜ ਵਿੱਚੋਂ ਵਾਪਸ ਆ ਗਿਆ ।ਘੁੱਕਰ ਪਿੰਡ ਆ ਕੇ ਬੀਰੋ ਨੂੰ ਸ਼ਰੇਆਮ ਮਿਲਣ ਲੱਗ ਪਿਆ ਲੇਕਿਨ ਘੁੱਕਰ ਵਿਆਹਿਆ ਅਤੇ ਬਾਲ ਬੱਚੇ ਹੋਣ ਦੇ ਬਾਵਜੂਦ ਬੀਰੋ ਨਾਲ ਰਹਿੰਦਾ ਸੀ ।ਬੀਰੋ ਆਪਣੇ ਪਤੀ ਨਰੈਣੇ ਨੂੰ ਟਿੱਚ ਸਮਝਦੀ ਸੀ ,ਸੁੱਚੇ ਦੇ ਘਰੋਂ ਜਾਣ ਤੋਂ ਬਾਅਦ ਤਾਂ ਬੀਰੋ ਘੁੱਕਰ ਨੂੰ ਸ਼ਰੇਆਮ ਮਿਲਣ ਲੱਗ ਪਈ ਸੀ ।ਉਸ ਦੀਆਂ ਵਾਗਾਂ ਈ ਖੁਲ੍ਹ ਗਈਆਂ ਸਨ ।ਨਰੈਣਾ ਖੁਦ ਨਿਕੰਮਾ ਤੇ ਡਰਪੋਕ ਆਦਮੀ ਸੀ ।ਉਸ ਨੇ ਆਪ ਕੋਈ ਕਾਰਵਾਈ ਕਰਨ ਦੀ ਬਜਾਏ ਸੁੱਚੇ ਨੂੰ ਫੌਜ ਵਿੱਚ ਚਿੱਠੀ ਲਿੱਖ ਦਿੱਤੀ ਤੇ ਸਾਰਾ ਹਾਲ ਬਿਆਨ ਕਰ ਦਿੱਤਾ ।ਬੀਰੋ ਵੱਲੋਂ ਪਿੰਡ ਵਿੱਚ ਖਾਨਦਾਨ ਦਾ ਮੂੰਹ ਕਾਲਾ ਕਰਾਉਣ ਦੀ ਖਬਰ ਸੁਣ ਕੇ ਸੁੱਚਾ ਨਰੈਣੇ ਦੀ ਚਿੱਠੀ ਪੜ੍ਹਦੇ ਸਾਰ ਹੀ ਤੜਫ਼ ਉੱਠਿਆ। ਉਹਦੀ ਅਣਖ ਜਾਗ ਪਈ ਤੇ ਖ਼ੂਨ ਉਬਾਲ਼ੇ ਖਾਣ ਲੱਗਾ।

ਫੌਜ ਵਿੱਚ ਬਹਾਦਰੀ- ਉਹ ਫੌਜ ਵਿੱਚ ਭਰਤੀ ਹੋਇਆ ਅਤੇ ਫਿਰੋਜ਼ਪੁਰ ਅਤੇ ਬਰਮਾ ਵਿੱਚ ਤਾਇਨਾਤ ਰਿਹਾ ।ਉਹਨੇ ਆਪਣੇ ਅੰਗਰੇਜ਼ ਅਫ਼ਸਰ ਕੋਲ਼ ਜਾ ਅਰਜ਼ ਗੁਜ਼ਾਰੀ ਪਰ ਫੌਜ ਵਿੱਚੋਂ ਛੁੱਟੀ ਕਿਥੋ ਮਿਲਣੀ ਸੀ ਜੇ ਫੋਜ ਵਿੱਚੋਂ ਭੱਜਦਾ ਤਾਂ ਉਸ ਨੂੰ ਪੁਲਿਸ ਫੜ੍ਹ ਕੇ ਲੈ ਜਾਂਦੀ ।ਕੁਦਰਤ ਬੜੀ ਬਲਵਾਨ ਹੁੰਦੀ ਹੈ ਬਰਮਾ ਵਿੱਚ ਇਕ ਦਿਨ ਅੰਗਰੇਜ਼ ਛਾਉਣੀ ਵਿੱਚ ਅੰਗਰੇਜ਼ ਅਫਸਰ ਦੀ ਕੋਠੀ ਵਿੱਚ ਅੱਗ ਗਈ ਤੇ ਉਸ ਦੇ ਬੱਚੇ ਅੰਦਰ ਫੱਸ ਗਏ ।ਸੁੱਚਾ ਆਪਣੀ ਜਾਨ ਤੇ ਖੇਡ ਕੇ ਬੱਚਿਆਂ ਨੂੰ ਬਚਾ ਕੇ ਬਾਹਰ ਲੈ ਆਇਆ ।ਅੰਗਰੇਜ਼ ਅਫਸਰ ਬਹੁਤ ਖੁਸ਼ ਹੋਇਆ ।ਅੰਗਰੇਜ਼ ਅਫਸਰ ਨੇ ਖੁਸ਼ ਹੋ ਕੇ ਸੁੱਚੇ ਨੂੰ ਇਨਾਮ ਵਜ਼ੋਂ ਕੁਝ ਮੰਗਣ ਲਈ ਕਿਹਾ ਤਾਂ ਸੁੱਚੇ ਨੇ ਇਨਾਮ ਵਜ਼ੋਂ ਬਾਰਾਂ ਬੋਰ ਦੀ ਬੰਦੂਕ ਤੇ ਫੌਜ ਵਿੱਚੋਂ ਛੁੱਟੀ ਮੰਗ ਲਈ ,ਜੋ ਕਿ ਅੰਗਰੇਜ਼ ਨੇ ਆਪਣੇ ਆਲਾ ਅਫਸਰਾਂ ਨਾਲ ਗੱਲ ਕਰਕੇ ਛੁੱਟੀ ਮੰਜ਼ੂਰ ਕਰਵਾ ਦਿੱਤੀ ।ਮਾਹਿਰਾਂ ਦਾ ਮੰਨਣਾ ਹੈ ਕਿ ਉਸ ਸਮੇਂ ਘਟਨਾ ਵੱਡੀ ਵਾਪਰੀ ਹੋਵੇਗੀ ਨਹੀਂ ਤਾਂ ਉਹ ਸਮਿਆਂ ਵਿੱਚ ਛੁੱਟੀ ਮਿਲਣੀ ਬਹੁਤ ਔਖੀ ਹੁੰਦੀ ਸੀ ।ਮਾਹਿਰਾ ਦਾ ਮੰਨਣਾ ਲੱਗਦਾ ਹੈ ਕਿ ਘਟਨਾ ਵੱਡੀ ਵਾਪਰੀ ਹੋਵੇਗੀ ਤਾਂ ਜੋ ਸੁੱਚੇ ਨੂੰ ਬਾਰਾਂ ਬੋਰ ਤੇ ਛੁੱਟੀ ਮੰਜ਼ੂਰ ਹੋ ਗਈ ਹੋਵੇਗੀ।

ਘੁੱਕਰ ਨਾਲ ਦੁਸ਼ਮਣੀ -ਸੁੱਚਾ ਹੁਣ ਆਪਣੇ ਪਿੰਡ ਆ ਕੇ ਆਪਣੀ ਭਾਬੀ ਬੀਰੋ ਦੀ ਬਹੁਤ ਮਾਰ ਕੁਟਾਈ ਕੀਤੀ ।ਪਿੰਡ ਦੇ ਮੋਹਤਬਰਾਂ ਤੇ ਪਤਵੰਤੇ ਸੱਜਣਾ ਵੱਲੋਂ ਬੀਰੋ ਅਤੇ ਘੁੱਕਰ ਨੂੰ ਸਮਝਾਇਆ ਗਿਆ ।ਕੁਝ ਸਮਾਂ ਸ਼ਾਂਤੀਮਈ ਤਰੀਕੇ ਨਾਲ ਵਾਪਿਰਆ ਪਰ ਇਸ਼ਕ ਅੰਨ੍ਹਾ ਹੁੰਦਾ ਹੈ ।ਬੀਰੋ ਅਤੇ ਘੁੱਕਰ ਆਪਣੀਆਂ ਹਰਕਤਾਂ ਬਾਜ਼ ਨਾ ਆਏ ਤੇ ਲੁਕ ਲੁਕ ਕੇ ਮਿਲਣ ਦਾ ਸਿਲਸਿਲਾ ਫਿਰ ਸ਼ੁਰੂ ਹੋ ਗਿਆ ।ਪਿੰਡ ਵਾਲਿਆਂ ਵੱਲੋਂ ਸੱਥਾਂ ਮੋੜਾਂ ਤੇ ਮਿਹਣੇ ਮਖੌਲਾਂ ਦਾ ਸਿਲਸਿਲਾ ਸ਼ੁਰੂ ਹੋ ਗਿਆ ।ਸਾਰੇ ਪਿੰਡ ਵਿੱਚ ਸੁੱਚੇ ਕੇ ਪਰਿਵਾਰ ਦਾ ਮੂੰਹ ਕਾਲਾ ਹੋਣ ਲੱਗ ਪਿਆ।

ਆਖ਼ਰ ਇਕ ਦਿਨ ਸਬੱਬ ਬਣ ਹੀ ਗਿਆ। ਪਿੰਡ ਵਿੱਚ ਗਾਉਣ ਲੱਗਿਆ ਹੋਇਆ ਸੀ ।ਘੁੱਕਰ ਹੋਰੀਂ ਸ਼ਰਾਬ ਵਿੱਚ ਮਸਤ ਹੋਏ ਚਾਂਭੜਾਂ ਪਾ ਰਹੇ ਸਨ। ਸੁੱਚਾ ਅਖਾੜੇ ਵਿੱਚ ਖੇਸ ਦੀ ਬੁੱਕਲ ਮਾਰ ਰਾਈਫ਼ਲ ਲਕੋਈ ਬੈਠਾ ਸੀ। ਬੱਕਰੇ ਬਲਾਉਂਦੇ ਘੁੱਕਰ ਨੂੰ ਵੇਖਦੇ ਸਾਰ ਹੀ ਸੁੱਚੇ ਨੇ ਖੇਸੀ ਪਰੇ ਵਗਾਹ ਮਾਰੀ ਤੇ ਰਾਈਫ਼ਲ ਨਾਲ਼ ਫ਼ਾਇਰ ਕਰ ਦਿੱਤਾ ।ਘੁੱਕਰ ਨੂੰ ਕਤਲ ਕਰਨ ਤੋਂ ਬਾਅਦ ਰਸਤੇ ਵਿੱਚ ਹੀ ਬੀਰੋ ਟੱਕਰ ਗਈ ।ਜਦੋਂ ਸੁੱਚਾ ਉਸ ਦਾ ਕਤਲ ਕਰਨ ਲੱਗਾ ਤਾਂ ਭੱਜ ਕੇ ਆਪਣੇ ਨਾਲ



ਲੱਗਦੇ ਘਰ ਵਾਲਿਆਂ ਦੇ ਵੜ੍ਹ ਗਈ ਤੇ ਪੌੜੀਆਂ ਚੜ੍ਹਕੇ ਦੂਸਰੇ ਘਰ ਉਤਰਨ ਦੀ ਕੋਸ਼ਿਸ਼ ਵਿੱਚ ਪੌੜੀਆਂ ਵਿੱਚੋਂ ਹੀ ਸੁੱਚੇ ਹੱਥੋਂ ਮਾਰੀ ਗਈ ।ਬੀਰੋ ਦੀ ਲਾਸ਼ ਧੂਹ ਕੇ ਸੁੱਚੇ ਨੇ ਲਾਸ਼ ਨੂੰ ਘੁੱਕਰ ਦੀ ਲਾਸ਼ ਨਾਲ ਲਿਆ ਕੇ ਪਾ ਦਿੱਤਾ ।ਪਿਛੋਂ ਭੱਜਣ ਵੇਲੇ ਸੁੱਚੇ ਨੇ ਦੋ ਭਰਾਵਾਂ ਦਾ ਊਠ ਖੋਹ ਲਿਆ ਤੇ ਉਸ ਤੇ ਸਵਾਰ ਹੋ ਕੇ ਚੱਲ ਪਿਆ।

ਬਾਗੀ ਜੀਵਨ ਅਤੇ ਅੰਤ-ਸਾਰੇ ਇਲਾਕੇ ਵਿੱਚ 'ਸੁੱਚਾ' 'ਸੁੱਚਾ' ਹੋਣ ਲੱਗੀ। ਇਕ ਪਠਾਣ ਉਹਦਾ ਪਿੱਛਾ ਕਰਦਾ ਹੋਇਆ ਆਪਣੀ ਜਾਨ ਗੰਵਾ ਬੈਠਾ। ਪੁਲੀਸ ਦੇ ਉਹ ਹੱਥ ਨਾ ਲੱਗਾ ਤੇ ਬੀਕਾਨੇਰ ਦੇ ਇਲਾਕੇ ਵਿੱਚ ਡਾਕੂਆਂ ਨਾਲ਼ ਜਾ ਰਲ਼ਿਆ। ਡਾਕੂ ਦੇ ਰੂਪ ਵਿੱਚ ਉਹਦੀ ਧਾਂਕ ਪੈ ਗਈ। ਕਈ ਰੱਜੇ ਪੁੱਜੇ ਸੂਦਖੋਰ ਸ਼ਾਹੂਕਾਰ ਉਹਨੇ ਲੁੱਟੇ। ਉਹ ਗ਼ਰੀਬ ਦਾ ਦਰਦੀ ਸੀ, ਲੁੱਟ ਦਾ ਮਾਲ ਉਹ ਗ਼ਰੀਬਾਂ ਵਿੱਚ ਵੰਡ ਦਿੰਦਾ। ਉਹਦੀ ਬਹਾਦਰੀ ਦੀਆਂ ਧੁੰਮਾਂ ਪਈਆਂ ਹੋਈਆਂ ਸਨ ਜਿਸ ਕਰਕੇ ਪੁਲੀਸ ਉਹਦੇ ਨਾਲ਼ ਟਾਕਰਾ ਕਰਨੋਂ ਕੰਨੀ ਕਤਰਾਉਂਦੀ ਸੀ। ਉਹ ਆਮ ਲੋਕਾਂ ਦੇ ਘਰੀਂ ਜਾ ਲੁਕਦਾ। ਇਕ ਦਿਨ ਉਹਨੇ ਇਕ ਮਾਈ ਦੇ ਆਖਣ 'ਤੇ ਪੰਜ ਬੁੱਚੜਾਂ ਨੂੰ ਮਾਰ ਕੇ ਕਈ ਗਊਆਂ ਦੀ ਜਾਨ ਬਚਾਈ। ਸਾਰੇ ਇਲਾਕੇ ਵਿੱਚ ਸੁੱਚੇ ਦੀ ਬੱਲੇ ਬੱਲੇ ਸੀ। ਉਹ ਲੁਕਵੇਂ ਰੂਪ ਵਿੱਚ ਆਪਣੇ ਇਲਾਕੇ ਵਿੱਚ ਗੇੜਾ ਮਾਰਦਾ ।ਸੂਰਮੇ ਦਾ ਖਿਤਾਬ ਉਸ ਦੇ ਨਾਮ ਨਾਲ ਬੁੱਚੜਾਂ ਨੂੰ ਮਾਰਨ ਤੋਂ ਬਾਅਦ ਹੀ ਜੁੜਿਆ ਸੀ ।ਇਸ ਤੋਂ ਬਾਅਦ ਸੰਗਰੂਰ ਦੇ ਨਜ਼ਦੀਕੀ ਪਿੰਡ ਸੰਗਤੀਵਾਲਾ ਆਪਣੇ ਇਕ ਪਹਿਲਵਾਨ ਦੇ ਦੋਸਤ ਕੋਲ ਚਲਾ ਗਿਆ ।ਉਹ ਦੋਸਤ ਗਦਾਰ ਨਿਕਿਲਆ ,ਉਸ ਨੇ ਧੋਖਾ ਕੀਤਾ ਤੇ ਛਾਜਲੀ ਪਿੰਡ ਦੇ ਜ਼ੈਲਦਾਰ ਮਿਸ਼ਰਾ ਰਾਹੀਂ ਸੁਨਾਮ ਪੁਲਿਸ ਨੂੰ ਫੜ੍ਹਾ ਦਿੱਤਾ ।ਕਿਹਾ ਜਾਂਦਾ ਰਾਤ ਨੂੰ ਸੁਪਨੇ ਵਿੱਚ ਮਹਾਰਾਜਾ ਭੁਪਿੰਦਰ ਸਿੰਘ ਦੀ ਛਾਤੀ ਤੇ ਗਊਆਂ ਚੜ੍ਹਦੀਆਂ ਸਨ ਤੇ ਇਸ ਡਰ ਤੋਂ ਰਾਜੇ ਨੇ ਸੁੱਚੇ ਨੂੰ ਬਰੀ ਕਰ ਦਿੱਤਾ ਪਰ ਦਰਅਸਲ ਮਹਾਰਾਜਾ ਬੜ੍ਹਾ ਰਹਿਮ ਦਿਲ ਰਾਜਾ ਸੀ ਤੇ ਬਤੌਰ ਸਿੱਖ ਉਹ ਸੁੱਚੇ ਦੇ ਗਊਆਂ ਛੁਡਾਉਣ ਤੇ ਫੌਜ ਵੇਲੇ ਡਿਊਟੀ ਵਾਲੇ ਕਾਰਨਾਮੇ ਤੋਂ ਬੜਾ ਪ੍ਰਭਾਵਿਤ ਸੀ ।ਪੁਲਿਸ ਨੇ ਸੁੱਚੇ ਨੂੰ ਚਿਤਾਵਨੀ ਦੇ ਕੇ ਬਰੀ ਕਰ ਦਿੱਤਾ ਗਿਆ। ਇਕ ਦਿਨ ਉਹਦੇ ਚਾਚੇ ਦੇ ਪੁੱਤ ਬਸੰਤ ਨੇ ਜੋ ਗਹਿਰੀ ਦਾ ਰਹਿਣ ਵਾਲ਼ਾ ਸੀ, ਸੁੱਚੇ ਅੱਗੇ ਆ ਦੁੱਖ ਰੋਇਆ ਕਿ ਉਹਦੀ ਚਾਚੀ ਰਾਜੇ ਉਸੇ ਪਿੰਡ ਦੇ ਇਕ ਵੈਲੀ ਜੱਟ ਗੱਜਣ ਨੇ ਧੱਕੇ ਨਾਲ਼ ਸਾਂਭੀ ਹੋਈ ਹੈ। ਗਹਿਰੀ ਜਾ ਕੇ ਸੁੱਚੇ ਨੇ ਖੇਤਾਂ ਵਿੱਚ ਹਾੜ੍ਹੀ ਵੱਢਦੇ ਗੱਜਣ ਨੂੰ ਜਾ ਗੋਲ਼ੀ ਮਾਰੀ ਤੇ ਮਗਰੋਂ ਰਾਜੇ ਨੂੰ ਵੀ ਗੋਲ਼ੀਆਂ ਨਾਲ਼ ਭੁੰਨ ਦਿੱਤਾ ।ਇਥੇ ਭੱਜ ਕੇ ਸੁੱਚਾ ਹਰਿਆਣੇ ਦੇ ਫਤਿਆਬਾਦ ਦੇ ਪਿੰਡ ਕਰਨੈਲੀ ਵਿਖੇ ਸਾਧੂ ਦੇ ਭੇਸ ਵਿੱਚ ਰਹਿਣ ਲੱਗ ਪਿਆ ।ਪੁਲਿਸ ਦਾ ਜ਼ਿਆਦਾ ਦਬਾਅ ਹੋਣ ਕਾਰਨ ਬੜ੍ਹ ਸਾਹਿਬ ਨਜ਼ਦੀਕ ਚਲਾ ਗਿਆ ।ਬਾਅਦ ਵਿੱਚ ਗੱਜਣ ਵੇਲੀ ਅਤੇ ਰਾਜ ਕੌਰ ਦੇ ਕਤਲ ਕੇਸ ਵਿੱਚ ਉਸ ਨੂੰ ਹਿਮਾਚਲ ਦੇ ਇਲਾਕੇ ਵਿੱਚੋਂ ਗ੍ਰਿਫਤਾਰ ਕਰ ਲਿਆ ਗਿਆ ਅਤਟ ਗਹਿਰੀ ਭਾਗੀ ਵਿਖੇ ਫਾਂਸੀ ਦਿੱਤੀ ਗਈ ।ਸੁੱਚੇ ਸੂਰਮੇ ਸੀ ਸਮਾਧ ਪਿੰਡ ਸਮਾਉਂ ਜਿਲ੍ਹਾ ਮਾਨਸਾ ਵਿੱਚ ਅੱਜ ਵੀ ਤਿਆਰ ਹੈ।

-ਡਾ. ਬਿਕਰਮਜੀਤ ਪੁਰਬਾ



ਆਵਾਜ਼ਿ ਕੌਮ AWAZE QAUM
International Newspaper & WEB TV

8ਵੀਂ ਵਿਸ਼ਵ ਪੰਜਾਬੀ ਕਾਨਫਰੰਸ ਵਿੱਚ ਡਾ. ਦਲਬੀਰ ਸਿੰਘ ਕਥੂਰੀਆ ਦਾ ਵਿਸ਼ੇਸ਼ ਸਨਮਾਨ, ਨਵੰਬਰ 2027 ਵਿੱਚ

ਪਾਕਿਸਤਾਨ ਦੇ ਵੱਖ-ਵੱਖ ਸੂਬਿਆਂ ਵਿੱਚ ਪੰਜਾਬੀ ਕਾਨਫਰੰਸਾਂ ਕਰਵਾਉਣ ਦਾ ਐਲਾਨ





ਲਾਹੌਰ, 26 ਨਵੰਬਰ (ਆਵਾਜ਼ਿ ਕੌਮ ਬਿਊਰੋ)-ਪਾਕਿਸਤਾਨ ਦੇ ਲਾਹੌਰ ਵਿਖੇ ਆਯੋਜਿਤ 8ਵੀਂ ਵਿਸ਼ਵ ਪੰਜਾਬੀ ਕਾਨਫਰੰਸ ਦੌਰਾਨ ਵਿਸ਼ਵ ਪੰਜਾਬੀ ਸਭਾ ਕੈਨੇਡਾ ਦੇ ਚੇਅਰਮੈਨ ਡਾ. ਦਲਬੀਰ ਸਿੰਘ ਕਥੂਰੀਆ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਪੰਜਾਬ ਦੇ ਘੱਟ ਗਿਣਤੀ ਮਾਮਲਿਆਂ ਬਾਰੇ ਮੰਤਰੀ ਸਰਦਾਰ ਰਮੇਸ਼ ਸਿੰਘ ਅਰੋੜਾ ਵੱਲੋਂ ਡਾ. ਕਥੂਰੀਆ ਦਾ ਸਨਮਾਨ ਕੀਤਾ ਗਿਆ। ਇਸ ਕਾਨਫਰੰਸ ਵਿੱਚ ਵੱਖ-ਵੱਖ ਦੇਸ਼ਾਂ ਤੋਂ ਪਹੁੰਚੇ ਵਿਦਵਾਨਾਂ, ਲੇਖਕਾਂ, ਸਾਹਿਤਕਾਰਾਂ ਅਤੇ ਪੰਜਾਬੀ ਭਾਸ਼ਾ ਦੇ ਪ੍ਰੇਮੀਆਂ ਨੇ ਪੰਜਾਬੀ ਮਾਂ-ਬੋਲੀ ਦੀ ਤਰੱਕੀ, ਸਾਹਿਤਕ ਵਿਰਾਸਤ, ਸੱਭਿਆਚਾਰਕ ਏਕਤਾ ਅਤੇ ਦੋਵਾਂ ਪੰਜਾਬਾਂ ਵਿਚਕਾਰ ਆਪਸੀ ਸਾਂਝ ਨੂੰ ਹੋਰ ਮਜ਼ਬੂਤ ਕਰਨ ਸਬੰਧੀ ਵਿਚਾਰ ਸਾਂਝੇ ਕੀਤੇ। ਇਸ ਦੌਰਾਨ ਡਾ. ਦਲਬੀਰ ਸਿੰਘ ਕਥੂਰੀਆ ਨੇ ਆਪਣੇ ਪਾਕਿਸਤਾਨ ਦੌਰੇ ਦੌਰਾਨ ਸਿੱਖ ਧਰਮ ਦੇ ਪਵਿੱਤਰ ਅਸਥਾਨ ਸ੍ਰੀ ਨਨਕਾਣਾ ਸਾਹਿਬ ਸਮੇਤ ਪਾਕਿਸਤਾਨ ਦੇ ਹੋਰਨਾਂ ਸ਼ਹਿਰਾਂ ਅਤੇ ਇਤਿਹਾਸਕ ਸਥਾਨਾਂ ਦਾ ਦੌਰਾ ਵੀ ਕੀਤਾ। ਉਨ੍ਹਾਂ ਨੇ ਉੱਥੋਂ ਦੇ ਪੰਜਾਬੀ ਭਾਸ਼ਾ ਅਤੇ ਸੱਭਿਆਚਾਰ ਨਾਲ ਜੁੜੇ ਪ੍ਰੇਮੀਆਂ, ਸਾਹਿਤਕਾਰਾਂ ਅਤੇ ਸਮਾਜਿਕ ਸ਼ਖ਼ਸੀਅਤਾਂ ਨਾਲ ਮੁਲਾਕਾਤਾਂ ਕਰਕੇ ਪੰਜਾਬੀ ਮਾਂ-ਬੋਲੀ ਦੇ ਪ੍ਰਚਾਰ ਅਤੇ ਪ੍ਰਸਾਰ ਬਾਰੇ ਵਿਚਾਰ-ਵਟਾਂਦਰਾ ਕੀਤਾ। ਨਵੰਬਰ 2027 ਵਿੱਚ ਪਾਕਿਸਤਾਨ ਦੇ ਵੱਖ-ਵੱਖ ਸੂਬਿਆਂ ਵਿੱਚ ਹੋਣਗੀਆਂ ਪੰਜਾਬੀ ਕਾਨਫਰੰਸਾਂ ਇਸ ਮੌਕੇ ਡਾ. ਦਲਬੀਰ ਸਿੰਘ ਕਥੂਰੀਆ ਨੇ ਇੱਕ ਅਹਿਮ ਐਲਾਨ ਕਰਦਿਆਂ ਦੱਸਿਆ ਕਿ ਨਵੰਬਰ 2027 ਵਿੱਚ ਪਾਕਿਸਤਾਨ ਦੇ ਵੱਖ-ਵੱਖ ਸੂਬਿਆਂ ਵਿੱਚ ਪੰਜਾਬੀ ਕਾਨਫਰੰਸਾਂ ਕਰਵਾਉਣ ਦੀ ਯੋਜਨਾ ਬਣਾਈ ਜਾ ਰਹੀ ਹੈ। ਇਨ੍ਹਾਂ ਕਾਨਫਰੰਸਾਂ ਦਾ ਆਯੋਜਨ ਉੱਥੋਂ ਦੀਆਂ ਵੱਖ-ਵੱਖ ਸੂਬਾਈ ਸੰਸਥਾਵਾਂ ਅਤੇ ਪੰਜਾਬੀ ਮਾਂ-ਬੋਲੀ ਦੇ ਪ੍ਰੇਮੀਆਂ ਦੇ ਸਹਿਯੋਗ ਨਾਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਉਪਰਾਲੇ ਦਾ ਮੁੱਖ ਮਕਸਦ ਪੰਜਾਬੀ ਭਾਸ਼ਾ, ਸਾਹਿਤ, ਸੱਭਿਆਚਾਰ ਅਤੇ ਵਿਰਾਸਤ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣਾ ਅਤੇ ਦੁਨੀਆ ਭਰ ਵਿੱਚ ਵੱਸਦੇ ਪੰਜਾਬੀਆਂ ਨੂੰ ਇੱਕ ਸਾਂਝੇ ਮੰਚ 'ਤੇ ਇਕੱਠਾ ਕਰਨਾ ਹੈ। ਡਾ. ਕਥੂਰੀਆ ਨੇ ਕਿਹਾ ਕਿ ਪੰਜਾਬੀ ਮਾਂ-ਬੋਲੀ ਦੋਵਾਂ ਪੰਜਾਬਾਂ ਦੀ ਸਾਂਝੀ ਪਛਾਣ ਹੈ। ਇਸ ਭਾਸ ਰਾਹੀਂ ਪਿਆਰ, ਭਾਈਚਾਰੇ, ਮਨੁੱਖਤਾ ਅਤੇ ਅਮਨ-ਸ਼ਾਂਤੀ ਦਾ ਸੰਦੇਸ਼ ਦੁਨੀਆ ਭਰ ਵਿੱਚ ਪਹੁੰਚਾਇਆ ਜਾ ਸਕਦਾ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਆਉਣ ਵਾਲੇ ਸਮੇਂ ਵਿੱਚ ਅਜਿਹੇ ਸਾਹਿਤਕ ਅਤੇ ਸੱਭਿਆਚਾਰਕ ਉਪਰਾਲੇ ਭਾਰਤ ਅਤੇ ਪਾਕਿਸਤਾਨ ਦੇ ਪੰਜਾਬੀ ਪ੍ਰੇਮੀਆਂ ਵਿਚਕਾਰ ਸਾਂਝ ਨੂੰ ਹੋਰ ਗੂੜ੍ਹਾ ਕਰਨਗੇ।

ਪੰਜਾਬੀ ਮਾਂ-ਬੋਲੀ, ਸਾਹਿਤ ਅਤੇ ਸੱਭਿਆਚਾਰਕ ਸਾਂਝ ਨੂੰ ਸਰਹੱਦਾਂ ਤੋਂ ਪਾਰ ਮਜ਼ਬੂਤ ਕਰਨ ਲਈ ਵਿਸ਼ੇਸ਼ ਉਪਰਾਲਾ

ਆਵਾਜ਼ਿ ਕੌਮ AWAZE QAUM International Newspaper & WEB TV

-ਬਲਵਿੰਦਰ ਬਾਲਮ ਗੁਰਦਾਸਪੁਰ
ਐਡਮਿੰਟਨ ਕਨੇਡਾ

ਡੇਰਾ ਬਾਬਾ ਸੰਧਿਆ ਦਾਸ ਵਿਖੇ ਸ਼ਰਧਾ ਤੇ ਉਤਸ਼ਾਹ ਨਾਲ

ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਦਿਹਾੜਾ ਮਨਾਇਆ ਗਿਆ







ਤਲਵੰਡੀ ਸਾਬੋ, 26 ਨਵੰਬਰ (ਗੁਰਜੰਟ ਸਿੰਘ ਨਥੇਹਾ)-ਸਿੱਖ ਧਰਮ ਦੇ ਬਾਨੀ ਪਹਿਲੇ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਪ੍ਰਕਾਸ਼ ਦਿਹਾੜੇ ਸਮੁੱਚੇ ਸਿੱਖ ਜਗਤ ਵਾਂਗ ਤਲਵੰਡੀ ਸਾਬੋ ਦੇ ਨੇੜਲੇ ਪਿੰਡ ਜਗਾਰਾਮ ਤੀਰਥ ਦੇ ਡੇਰਾ ਬਾਬਾ ਸੰਧਿਆ ਦਾਸ ਵਿਖੇ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ ਜਿੱਥੇ ਸੈਂਕੜਿਆਂ ਦੀ ਗਿਣਤੀ 'ਚ ਸੰਗਤਾਂ ਨਤਮਸਤਕ ਹੋਈਆਂ। ਡੇਰਾ ਬਾਬਾ ਸੰਧਿਆ ਦਾਸ ਵਿਖੇ ਪਿਛਲੇ ਤਿੰਨ ਦਿਨਾਂ ਤੋਂ ਪ੍ਰਕਾਸ਼ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਜਿੱਥੇ ਰਾਗੀ ਜਥਿਆਂ ਨੇ ਸ਼ਬਦ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗ੍ਰੰਥੀ ਸਿੰਘ ਵੱਲੋਂ ਅਰਦਾਸ ਕੀਤੀ ਗਈ। ਸੰਗਤਾਂ ਨੂੰ ਸੰਬੋਧਨ ਹੁੰਦਿਆਂ ਡੇਰਾ ਬਾਬਾ ਸੰਧਿਆ ਦਾਸ ਦੇ ਗੱਦੀ ਨਸੀਨ ਬਾਬਾ ਹਰਬੰਸ ਦਾਸ ਜੀ ਨੇ ਜਿੱਥੇ ਸ੍ਰੀ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਬਚਪਨ ਜੀਵਨ ਕਾਲ ਕਾਰਜਾਂ ਤੇ ਉਦਾਸੀਆਂ ਬਾਬਤ ਜਾਣਕਾਰੀ ਸਾਂਝੀ ਕੀਤੀ ਉੱਥੇ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਤੇ ਅਮਲ ਕਰਦਿਆਂ ਖੰਡੇ ਬਾਟੇ ਦੀ ਪਾਹੁਲ ਛੱਕ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲੱਗਣ ਅਤੇ ਉਹਨਾਂ ਸਾਰੀਆਂ ਹੀ ਸਿੱਖ ਸੰਗਤਾਂ ਨੂੰ ਇੱਥੇ ਪਹੁੰਚਣ ਤੇ ਧੰਨਵਾਦ ਕੀਤਾ। ਭੋਗ ਉਪਰੰਤ ਸੰਗਤਾਂ ਨੂੰ ਲੰਗਰ ਛਕਾਏ ਗਏ। ਇਸ ਧਾਰਮਿਕ ਸਮਾਗਮ ਦੌਰਾਨ ਡਾਕਟਰ ਰੇਸ਼ਮ ਸਿੱਧੂ,ਸੁਰਜੀਤ ਸ਼ਰਮਾ, ਜੱਗਾ ਸਿੱਧੂ ਕਲੱਬ ਪ੍ਰਧਾਨ, ਬਿਕਰਮ ਮਿਸਤਰੀ ਬਲਾਕ ਸੰਮਤੀ ਮੈਂਬਰ, ਸਾਬਕਾ, ਮੰਦਰ ਪ੍ਰਧਾਨ, ਗੁਰਮਣ ਮੌੜ, ਜਗਸੀਰ ਸਿੰਘ ਸਾਬਕਾ ਪੁਲਿਸ ਇੰਸਪੈਕਟਰ, ਕਾਲੀ ਚੌਧਰੀ, ਗੋਰਾ ਸਿੱਧੂ, ਰੇਸ਼ਮ ਸਿੱਧੂ, ਪਾਲ ਚਹਿਲ, ਮੰਗਾ ਮੈਂਬਰ, ਬਾਬਾ ਅਮਰਜੀਤ ਸਿੰਘ, ਬਾਬਾ ਬਾਦਲ ਸਿੰਘ, ਬਾਬਾ ਅਮ੍ਰਿਤਪਾਲ ਸਿੰਘ, ਬੂਟਾ ਸਿੰਘ ਬਲਾਕ ਸੰਮਤੀ ਮੈਂਬਰ ਆਦਿ ਮੌਕੇ ਤੇ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸ੍ਰੀ ਗੁਰੂ ਤੇਗ ਬਹਾਦਰ ਕਾਲਜ ਵਿਖੇ ਸੰਵਿਧਾਨ ਦਿਵਸ ਮੌਕੇ ਤੇ ਸਵੀਪ ਦੇ ਅੰਤਰਗਤ ਪੋਸਟਰ ਸਲੋਗਨ ਮੇਕਿੰਗ ਅਤੇ ਸਹੁੰ ਚੁੱਕ ਰਸਮ ਦਾ ਆਯੋਜਨ



ਚੌਕ ਮਹਿਤਾ,26 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਅੰਤਰਗਤ ਚੱਲ ਰਹੇ ਸ੍ਰੀ ਗੁਰੂ ਤੇਗ ਬਹਾਦਰ ਕਾਲਜ ਵਿਖੇ ਵਧੀਕ ਜ਼ਿਲਾ ਚੋਣ ਅਫਸਰ ਕੰਮ ਵਧੀਕ ਡਿਪਟੀ ਕਮਿਸ਼ਨਰ ਅੰਮ੍ਰਿਤਸਰ, ਉਪ ਮੰਡਲ ਮੈਜਿਸਟਰੇਟ ਬਾਬਾ ਬਕਾਲਾ, 025,(ਐਸ ਸੀ) ਤੇ ਦਿਸ਼ਾਂ ਨਿਰਦੇਸ਼ਾਂ ਅਤੇ ਕਾਲਜ ਓਐਸਡੀ ਡਾ. ਗੁਰਿੰਦਰ ਸਿੰਘ ਜੀ ਦੀ ਯੋਗ ਅਗਵਾਈ ਤਹਿਤ 25 ਨਵੰਬਰ 2026 ਅਤੇ 26 ਨਵੰਬਰ 26 ਨੂੰ ਕ੍ਰਮਵਾਰ ਪੋਸਟਰ ਮੇਕਿੰਗ ਮੁਕਾਬਲੇ ਸਲੋਗਨ ਰਾਈਟਿੰਗ ਮੁਕਾਬਲੇ ਅਤੇ ਵੋਟਰ ਜਾਗਰੂਕਤਾ ਦੇ ਸੰਬੰਧ ਵਿੱਚ ਸਹੁੰ ਚੁੱਕ ਰਸਮ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਉਪ ਮੰਡਲ ਮੈਜਿਸਟਰੇਟ ਤਹਿਤ ਮਾਣਯੋਗ ਈ ਆਰ ਓ ਮਿਸਿਸ ਪ੍ਰਗਤੀ ਸੇਠੀ (ਪੀ ਸੀ ਐਸ) 025, ਬਾਬਾ ਬਕਾਲਾ (ਐਸ ਸੀ) ਵੱਲੋਂ ਬਣਾਈ ਸਵੀਪ ਟੀਮ ਤਹਿਤ ਕਾਲਜ ਦੇ ਏ ਈ ਆਰ ਓ ਅਤੇ ਨੋਡਲ ਅਫਸਰ ਡਾ. ਹਰਸਿਮਰਨ ਕੌਰ ਨੂੰ ਸਕੂਲ ਕਾਲਜਾਂ ਵਿੱਚ ਬਣਾਈ ਟੀਮ ਨਾਲ ਵੱਖ-ਵੱਖ ਗਤੀਵਿਧੀਆਂ ਕਰਵਾਉਣ ਦੇ ਆਦੇਸ਼ ਦਿੱਤੇ ਗਏ ਹਨ। ਇੱਥੇ ਇਹ ਵੀ ਦੱਸਣਯੋਗ ਹੈ ਕਿ ਸ਼੍ਰੀ ਗੁਰੂ ਤੇਗ ਬਹਾਦਰ ਕਾਲਜ, ਸਠਿਆਲਾ ਵਿਖੇ ਸਮੇਂ ਸਮੇਂ ਦਿੱਤੇ ਹੋਏ ਆਦੇਸ਼ਾਂ ਤਹਿਤ ਵੋਟਰ ਜਾਗਰੂਕਤਾ ਦੇ ਸੰਬੰਧ ਵਿੱਚ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ। ਇਸ ਸਬੰਧ ਵਿੱਚ ਸੰਵਿਧਾਨ ਦਿਵਸ ਮੌਕੇ ਉੱਤੇ ਸੰਵਿਧਾਨ ਦੇ ਮਹੱਤਵ ਤੋਂ ਜਾਣੂ ਕਰਾਉਂਦਿਆਂ ਕਾਲਜ ਓ ਐਸ ਡੀ ਡਾ.ਗੁਰਿੰਦਰ ਸਿੰਘ ਜੀ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਕਾਲਜ ਵਿਖੇ ਸਮੇਂ ਸਮੇਂ ਵਿਦਿਆਰਥੀਆਂ ਨੂੰ ਵੋਟਰ ਸੂਚੀ ਵਿੱਚ ਨਾਂ ਦਰਜ ਕਰਾਉਣ ਅਤੇ ਵਿਦਿਆਰਥੀਆਂ ਨੂੰ ਵੋਟ ਦੀ ਮਹੱਤਤਾ ਬਾਰੇ ਜਾਣਕਾਰੀ ਦੇਣ ਲਈ ਵਿਭਿੰਨ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ। ਉਹਨਾਂ ਕਿਹਾ ਕਿ ਸਾਡਾ ਮਨੋਰਥ ਹੈ ਕਿ ਕਾਲਜ ਦਾ ਕੋਈ ਵੀ ਵਿਦਿਆਰਥੀ ਵੋਟ ਪਾਉਣ ਤੋਂ ਵਾਂਝਾ ਨਾ ਰਹੇ ਅਤੇ ਅਸੀਂ ਪੂਰਨ ਪ੍ਰਪੱਕਤਾ ਨਾਲ ਵੋਟ ਪ੍ਰਣਾਲੀ ਦੇ ਸਬੰਧੀ ਬਣਦੇ ਫਰਜ਼ ਨੂੰ ਨਿਭਾਈਏ। ਇਸ ਮੌਕੇ ਨੋਡਲ ਅਫਸਰ ਡਾ. ਹਰਸਿਮਰਨ ਕੌਰ ਨੇ ਦੱਸਿਆ ਕਾਲਜ ਵਿਖੇ 01.01.2027 ਤੱਕ 18 ਸਾਲ ਦੀ ਉਮਰ ਪੂਰੀ ਕਰ ਚੁੱਕੇ ਵਿਦਿਆਰਥੀਆਂ ਦੀ ਸੂਚੀ ਦੇ ਮੱਦੇਨਜ਼ਰ ਫਾਰਮ -06 ਭਰਨ ਸਬੰਧੀ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਕਾਲਜ ਵਿਖੇ ਤਿੰਨ ਰੋਜ਼ਾ ਵੋਟਰ ਜਾਗਰੂਕਤਾ ਰਜਿਸਟਰੇਸ਼ਨ ਕੈਂਪ ਵੀ ਲਗਾਇਆ ਜਾ ਚੁੱਕਾ ਹੈ। ਭਵਿੱਖ ਵਿੱਚ ਵੋਟਰ ਜਾਗਰੂਕਤਾ ਦੇ ਸੰਬੰਧ ਵਿੱਚ ਸਵੀਪ ਟੀਮ ਵੱਲੋਂ ਦਿੱਤੇ ਆਦੇਸ਼ਾਂ ਅਨੁਸਾਰ ਕਾਲਜ ਵਿਖੇ ਵੱਖ ਵੱਖ ਗਤਵਿਧੀਆਂ ਵੀ ਕਰਵਾਈਆਂ ਜਾਣੀਆਂ ਹਨ। ਇਸ ਮੌਕੇ ਵਿਦਿਆਰਥੀਆਂ ਦੇ ਨਾਲ ਸਵੀਪ ਟੀਮ ਦੇ ਮੈਂਬਰ ਹੀਰਾ ਲਾਲ ਤੋਂ ਇਲਾਵਾ ਸਟਾਫ ਹਾਜ਼ਰ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਓ ਨੇ ਸ. ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਨੂੰ ਕੀਤਾ ਸਨਮਾਨਤ

ਚੇਅਰਮੈਨ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਨੂੰ ਮਿੱਲੀ ਜ਼ਿਮੇਵਾਰੀ, ਬਣੇ ਜ਼ਿਲ੍ਹਾ ਵਾਈਸ ਪ੍ਰਧਾਨ ਟ੍ਰੇਡ ਵਿੰਗ ਅੰਮ੍ਰਿਤਸਰ ਦਿਹਾਤੀ)



ਚੌਕ ਮਹਿਤਾ, 25 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-ਆਮ ਆਦਮੀ ਪਾਰਟੀ ਦੇ ਸੀਨੀਅਰ ਲੀਡਰ ਸ, ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਅਮ੍ਰਿਤਸਰ ਰੂਲਲ ਦਿਹਾਤੀ ਤੋਂ ਜਿਲਾ ਵਾਈਸ ਪ੍ਰਧਾਨ ਟ੍ਰੇਡ ਵਿੰਗ ਵਜੋਂ ਬਣਾਇਆ ਗਿਆ। ਪੰਜਾਬ ਦੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਨੇ ਆਪਣੀ ਕੋਠੀ ਵਿੱਚ ਸ, ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਨੇ ਅਰਵਿੰਦ ਕੇਜਰੀਵਾਲ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ, ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਪਾਰਟੀ ਪ੍ਰਧਾਨ ਸ੍ਰੀ ਅਮਨ ਅਰੋੜਾ, ਚੇਅਰਮੈਨ ਲਖਵਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਮਾਰਕੀਟ ਕਮੇਟੀ ਮਹਿਤਾ, ਅਵੀਨਾਸ਼ ਗਰੋਵਰ, ਅਰਮਿੰਦਰਬੀਰ ਸਰਪੰਚ, ਬੂਟਾ ਸਿੰਘ, ਚੇਅਰਮੈਨ ਹਰਜੀਤ ਸਿੰਘ ਬੁੱਟਰ, ਸੁਖਮਨ ਮਹਿਤਾ ਆਦਿ ਆਗੂ ਹਾਜਰ ਸਨ, ਇਸ ਮੌਕੇ ਤੇ ਸਾਰੀ ਆਮ ਆਦਮੀ ਪਾਰਟੀ ਦਾ ਧੰਨਵਾਦ ਕੀਤਾ ਕਿ ਜਿਨ੍ਹਾਂ ਨੇ ਮੇਰੇ ਤੇ ਵਿਸ਼ਵਾਸ ਕਰਕੇ ਮੈਨੂੰ ਮਾਨ ਸਨਮਾਨ ਬਖਸ਼ਿਸ਼ ਕੀਤਾ ਮੈਂ ਤਨ ਦੇਹੀ ਨਾਲ ਪਾਰਟੀ ਦੀ ਆਉਣ ਵਾਲੀਆਂ 2027 ਦੀਆਂ ਚੋਣਾਂ ਵਿੱਚ ਦਿਨ ਰਾਤ ਇੱਕ ਕਰਕੇ ਸੇਵਾ ਕਰਾਂਗਾ।

ਆਵਾਜ਼ਿ ਕੌਮ AWAZE QAUM International Newspaper & WEB TV

ਗੁਰਦੁਆਰਾ ਸੱਚਾ ਸੌਦਾ ਸਾਹਿਬ ਵਿਖੇ ਨਤਮਸਤਕ ਹੋਏ ਜਥੇਦਾਰ ਗਿਆਨੀ ਗੜਗੱਜ

ਪਾਕਿਸਤਾਨ ਗੁਰਦੁਆਰਾ ਕਮੇਟੀ ਵੱਲੋਂ ਨਿੱਘਾ ਸਵਾਗਤ



ਚੂਹੜਕਾਣਾ (ਪਾਕਿਸਤਾਨ), 26 ਨਵੰਬਰ (ਸਰਬਜੀਤ ਸਿੰਘ ਬਨੂੜ)- ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਸਿੱਖ ਜਥੇ ਸਮੇਤ ਪਾਕਿਸਤਾਨ ਸਥਿਤ ਇਤਿਹਾਸਕ ਗੁਰਦੁਆਰਾ ਸ੍ਰੀ ਸੱਚਾ ਸੌਦਾ ਸਾਹਿਬ, ਚੂਹੜਕਾਣਾ ਵਿਖੇ ਨਤਮਸਤਕ ਹੋਏ। ਇਸ ਮੌਕੇ ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਰਮੇਸ਼ ਸਿੰਘ ਅਰੋੜਾ ਅਤੇ ਔਕਾਫ਼ ਬੋਰਡ ਦੇ ਅਧਿਕਾਰੀਆਂ ਵੱਲੋਂ ਜਥੇਦਾਰ ਗਿਆਨੀ ਗੜਗੱਜ ਅਤੇ ਸਿੱਖ ਜਥੇ ਦਾ ਫੁੱਲਾਂ ਦੇ ਹਾਰ ਪਾ ਕੇ ਅਤੇ ਗੁਲਦਸਤੇ ਭੇਟ ਕਰਕੇ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਜਥੇਦਾਰ ਸਾਹਿਬ ਨੂੰ ਸਿਰੋਪਾਓ ਦੀ ਬਖ਼ਸ਼ਿਸ਼ ਕਰਕੇ ਸਨਮਾਨਿਤ ਵੀ ਕੀਤਾ ਗਿਆ। ਗਿਆਨੀ ਗੜਗੱਜ ਨੇ ਕਿਹਾ ਕਿ ਇਹ ਉਹ ਪਾਵਨ ਅਸਥਾਨ ਹੈ, ਜਿੱਥੇ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਨੇ 20 ਰੁਪਇਆਂ ਨਾਲ ਭੁੱਖਿਆਂ ਨੂੰ ਭੋਜਨ ਛਕਾ ਕੇ ਸੱਚਾ ਸੌਦਾ ਕੀਤਾ ਸੀ ਅਤੇ ਗੁਰੂ ਕੇ ਲੰਗਰ ਤੇ ਵੰਡ ਛਕਣ ਦੇ ਮਹਾਨ ਸਿਧਾਂਤ ਦੀ ਨੀਂਹ ਰੱਖੀ ਸੀ। ਬਾਬੇ ਨਾਨਕ ਦੇ 20 ਰੁਪਇਆਂ ਦੀ ਬਰਕਤ ਸਦਕਾ ਅੱਜ ਦੁਨੀਆ ਭਰ ਵਿੱਚ ਬਿਨਾਂ ਕਿਸੇ ਜਾਤ-ਪਾਤ, ਧਰਮ ਜਾਂ ਨਸਲ ਦੇ ਭੇਦਭਾਵ ਤੋਂ ਗੁਰੂ ਕੇ ਲੰਗਰ ਵਰਤ ਰਹੇ ਹਨ ਅਤੇ ਇਹ ਬਰਕਤ ਰਹਿੰਦੀ ਦੁਨੀਆ ਤੱਕ ਵਰਤਦੀ ਰਹੇਗੀ। ਇਸ ਮੌਕੇ ਗੁਰੂ ਦਰਬਾਰ ਅੰਦਰ ਸੰਗਤ ਨੂੰ ਪਾਵਨ ਹੁਕਮਨਾਮਾ ਸਰਵਣ ਕਰਵਾਇਆ ਗਿਆ। ਗੁਰੂ ਸਾਹਿਬ ਦੇ ਸਨਮੁਖ ਪੰਜਾਬ, ਸਿੱਖ ਪੰਥ ਦੀ ਚੜ੍ਹਦੀ ਕਲਾ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ। ਜਥੇਦਾਰ ਗਿਆਨੀ ਗੜਗੱਜ ਅਤੇ ਸਿੱਖ ਸੰਗਤਾਂ ਨੇ ਗੁਰਦੁਆਰਾ ਸਾਹਿਬ ਵਿਖੇ ਮੌਜੂਦ ਇਤਿਹਾਸਕ ਪੁਰਾਤਨ ਰੁੱਖ ਦੇ ਵੀ ਦਰਸ਼ਨ ਕੀਤੇ।

ਬਾਬੇ ਨਾਨਕ ਦੇ 20 ਰੁਪਇਆਂ ਦੇ ਲੰਗਰ ਦੀ ਬਰਕਤ ਰਹਿੰਦੀ ਦੁਨੀਆ ਤੱਕ ਵਰਤਦੀ ਰਹੇਗੀ - ਗਿਆਨੀ ਗੜਗੱਜ

ਆਵਾਜ਼ਿ ਕੌਮ AWAZE QAUM International Newspaper & WEB TV

ਐਨ.ਐਚ.ਐਮ. ਮੁਲਾਜ਼ਮਾਂ ਦਾ ਸੰਘਰਸ਼ ਜਾਰੀ

ਸਰਕਾਰ ਦੇ ਲਾਰਿਆਂ ਤੋਂ ਮੁਲਾਜ਼ਮਾਂ 'ਚ ਨਾਰਾਜ਼ਗੀ

ਫ਼ਿਰੋਜ਼ਪੁਰ, 26 ਨਵੰਬਰ (ਮਨੋਹਰ ਲਾਲ):— ਐਨ.ਐਚ.ਐਮ. ਇੰਪਲੋਈਜ਼ ਯੂਨੀਅਨ ਪੰਜਾਬ ਦੇ ਸੱਦੇ ਤੇ ਆਪਣੀਆਂ ਲੰਬੇ ਸਮੇਂ ਤੋਂ ਅਣਸੁਲਝੀਆਂ ਮੰਗਾਂ ਨੂੰ ਲੈ ਕੇ ਸੂਬੇ ਭਰ ਦੇ ਨੈਸ਼ਨਲ ਹੈਲਥ ਮਿਸ਼ਨ ਦੇ ਮੁਲਾਜ਼ਮਾਂ ਦੀ ਹੜਤਾਲ ਲਗਾਤਾਰ ਜਾਰੀ ਹੈ। ਹੜਤਾਲ ਕਾਰਨ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਸਿਹਤ ਸੇਵਾਵਾਂ ਅਤੇ ਵਿਭਾਗ ਦੇ ਵੱਖ-ਵੱਖ ਕੰਮ ਪ੍ਰਭਾਵਿਤ ਹੋ ਰਹੇ ਹਨ। ਮੁਲਾਜ਼ਮਾਂ ਵੱਲੋਂ ਲਗਾਤਾਰ ਸੰਘਰਸ਼ ਕਰਨ ਦੇ ਬਾਵਜੂਦ ਸਰਕਾਰ ਵੱਲੋਂ ਮੰਗਾਂ ਨੂੰ ਲਾਗੂ ਕਰਨ ਸਬੰਧੀ ਕੋਈ ਠੋਸ ਫੈਸਲਾ ਨਾ ਲਏ ਜਾਣ ਕਾਰਨ ਮੁਲਾਜ਼ਮਾਂ ਵਿੱਚ ਰੋਸ ਅਤੇ ਨਿਰਾਸ਼ਾ ਵਧਦੀ ਜਾ ਰਹੀ ਹੈ। ਯੂਨੀਅਨ ਆਗੂ ਨਰਿੰਦਰ ਸਿੰਘ ਕਮਿਊਨਿਟੀ ਹੈਲਥ ਅਫਸਰ ਨੇ ਕਿਹਾ ਕਿ ਐਨ.ਐਚ.ਐਮ. ਮੁਲਾਜ਼ਮ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਲੰਬੇ ਸਮੇਂ ਤੋਂ ਸਰਕਾਰ ਨਾਲ ਸੰਘਰਸ਼ ਕਰ ਰਹੇ ਹਨ। ਇਸ ਦੌਰਾਨ ਸਰਕਾਰ ਅਤੇ ਸਿਹਤ ਵਿਭਾਗ ਦੇ ਅਧਿਕਾਰੀਆਂ ਨਾਲ ਕਈ ਵਾਰ ਗੱਲਬਾਤ ਅਤੇ ਮੀਟਿੰਗਾਂ ਵੀ ਹੋਈਆਂ, ਪਰ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਅਜੇ ਤੱਕ ਅਮਲੀ ਤੌਰ ਤੇ ਪ੍ਰਵਾਨ ਕਰਕੇ ਲਾਗੂ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਮੁਲਾਜ਼ਮ ਹਰ ਪੱਧਰ ਤੇ ਆਪਣੀ ਆਵਾਜ਼ ਸਰਕਾਰ ਤੱਕ ਪਹੁੰਚਾ ਚੁੱਕੇ ਹਨ, ਪਰ ਸਰਕਾਰ ਵੱਲੋਂ ਦਿੱਤੇ ਜਾ ਰਹੇ ਭਰੋਸੇ ਅਜੇ ਤੱਕ ਹਕੀਕਤ ਵਿੱਚ ਨਹੀਂ ਬਦਲੇ। ਆਗੂ ਬਗੀਚ ਸਿੰਘ ਨੇ ਦੱਸਿਆ ਕਿ 25 ਨਵੰਬਰ ਨੂੰ ਨਿਰਧਾਰਤ ਮੁਲਾਜ਼ਮ ਭਲਾਈ ਕਮੇਟੀ ਦੀ ਮੀਟਿੰਗ ਕੁਝ ਕਾਰਨਾਂ ਕਰਕੇ 27 ਨਵੰਬਰ ਲਈ ਤਬਦੀਲ ਕਰ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਸਮੂਹ ਐਨ.ਐਚ.ਐਮ. ਮੁਲਾਜ਼ਮ ਇਸ ਮੀਟਿੰਗ ਤੋਂ ਆਸ ਲਗਾਈ ਬੈਠੇ ਹਨ ਕਿ ਸਰਕਾਰ ਉਨ੍ਹਾਂ ਦੀਆਂ ਮੰਗਾਂ ਪ੍ਰਤੀ ਗੰਭੀਰਤਾ ਦਿਖਾਉਂਦਿਆਂ ਕੋਈ ਠੋਸ ਅਤੇ ਸਾਰਥਕ ਫੈਸਲਾ ਲਵੇਗੀ। ਉਨ੍ਹਾਂ ਸਪੱਸ਼ਟ ਕੀਤਾ ਕਿ ਜੇਕਰ ਮੀਟਿੰਗ ਵਿੱਚ ਮੰਗਾਂ ਦੇ ਹੱਲ ਸਬੰਧੀ ਕੋਈ ਨਤੀਜਾ ਨਹੀਂ ਨਿਕਲਦਾ ਤਾਂ ਯੂਨੀਅਨ ਵੱਲੋਂ ਅਗਲੇ ਸੰਘਰਸ਼ ਦੀ ਰੂਪ-ਰੇਖਾ ਤਿਆਰ ਕਰਕੇ ਅੰਦੋਲਨ ਨੂੰ ਹੋਰ ਤਿੱਖਾ ਕੀਤਾ ਜਾਵੇਗਾ। ਆਗੂ ਹਰਜਿੰਦਰ ਸਿੰਘ ਨੇ ਐਲਾਨ ਕੀਤਾ ਕਿ ਸੰਘਰਸ਼ ਨੂੰ ਅੱਗੇ ਵਧਾਉਂਦੇ ਹੋਏ 30 ਨਵੰਬਰ ਨੂੰ ਸਿਹਤ ਮੰਤਰੀ ਪੰਜਾਬ ਦੇ ਹਲਕੇ ਵਿੱਚ ਸੂਬਾ ਪੱਧਰੀ ਰੋਸ ਰੈਲੀ ਕੀਤੀ ਜਾਵੇਗੀ। ਇਸ ਰੈਲੀ ਵਿੱਚ ਪੰਜਾਬ ਦੇ ਸਮੂਹ ਜ਼ਿਲ੍ਹਿਆਂ ਤੋਂ ਐਨ.ਐਚ.ਐਮ. ਮੁਲਾਜ਼ਮ ਵੱਡੀ ਗਿਣਤੀ ਵਿੱਚ ਪਹੁੰਚ ਕੇ ਸਰਕਾਰ ਵਿਰੁੱਧ ਆਪਣਾ ਰੋਸ ਦਰਜ ਕਰਵਾਉਣਗੇ ਅਤੇ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਤੁਰੰਤ ਹੱਲ ਕਰਨ ਦੀ ਮੰਗ ਉਠਾਉਣਗੇ। ਯੂਨੀਅਨ ਆਗੂ ਡਾ: ਯੁਵਰਾਜ ਸਿੰਘ ਅਤੇ ਡਾ: ਲਲਿਤ ਨੇ ਕਹਿਾ ਕਿ ਐਨ.ਐਚ.ਐਮ. ਮੁਲਾਜ਼ਮ ਸਿਹਤ ਵਿਭਾਗ ਦੀਆਂ ਵੱਖ-ਵੱਖ ਸਕੀਮਾਂ ਨੂੰ ਜ਼ਮੀਨੀ ਪੱਧਰ ਤੇ ਲਾਗੂ ਕਰਨ ਅਤੇ ਆਮ ਲੋਕਾਂ ਤੱਕ ਮੁੱਢਲੀਆਂ ਸਿਹਤ ਸੇਵਾਵਾਂ ਪਹੁੰਚਾਉਣ ਵਿੱਚ ਅਹਿਮ ਯੋਗਦਾਨ ਪਾ ਰਹੇ ਹਨ। ਉਨ੍ਹਾਂ ਸਰਕਾਰ ਨੂੰ ਅਪੀਲ ਕੀਤੀ ਕਿ ਮੁਲਾਜ਼ਮਾਂ ਦੀਆਂ ਸੇਵਾਵਾਂ ਅਤੇ ਉਨ੍ਹਾਂ ਨਾਲ ਜੁੜੀਆਂ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਲੈਂਦਿਆਂ ਮੰਗਾਂ ਦਾ ਸਥਾਈ ਹੱਲ ਕੀਤਾ ਜਾਵੇ, ਤਾਂ ਜੋ ਸਿਹਤ ਵਿਭਾਗ ਦਾ ਕੰਮਕਾਜ ਸੁਚਾਰੂ ਢੰਗ ਨਾਲ ਚੱਲ ਸਕੇ। ਆਗੂ ਡਾ: ਪ੍ਰੀਤ ਮਖੀਜਾ ਨੇ ਕਿਹਾ ਕਿ ਮੁਲਾਜ਼ਮਾਂ ਦਾ ਸੰਘਰਸ਼ ਮੰਗਾਂ ਦੇ ਹੱਲ ਹੋਣ ਤੱਕ ਜਾਰੀ ਰਹੇਗਾ, ਜੇਕਰ ਸਰਕਾਰ ਵੱਲੋਂ ਕੋਈ ਠੋਸ ਅਤੇ ਸਕਾਰਾਤਮਕ ਕਦਮ ਨਹੀਂ ਚੁੱਕਿਆ ਜਾਂਦਾ ਤਾਂ ਆਉਣ ਵਾਲੇ ਦਿਨਾਂ ਵਿੱਚ ਸੰਘਰਸ਼ ਨੂੰ ਹੋਰ ਵੱਡੇ ਪੱਧਰ ਤੇ ਲਿਜਾਇਆ ਜਾਵੇਗਾ ਅਤੇ ਸਰਕਾਰ ਨੂੰ ਮੁਲਾਜ਼ਮਾਂ ਦੀਆਂ ਮੰਗਾਂ ਮੰਨਣ ਲਈ ਮਜਬੂਰ ਕੀਤਾ ਜਾਵੇਗਾ। ਇਸ ਮੌਕੇ ਆਗੂ ਡਾ: ਅਸ਼ੋਕ ਕੁਮਾਰ, ਡਾ ਗੁਰਵਿੰਦਰ ਸਿੰਘ, ਨੇਹਾ, ਰਮਨਦੀਪ ਕੌਰ, ਰਾਜਵਿੰਦਰ ਕੌਰ, ਡਾ: ਗੁਰਵਿੰਦਰ ਸਿੰਘ, ਲਵਪ੍ਰੀਤ ਸਿੰਘ, ਡਾ ਅਮਨ, ਮਨੀਸ਼ਾ, ਰਿੰਕੂ ਕੰਬੋਜ਼, ਮਦਨ ਵੀ ਹਾਜ਼ਰ ਸਨ।



- 27 ਨਵੰਬਰ ਦੀ ਮੁਲਾਜ਼ਮ ਭਲਾਈ ਕਮੇਟੀ ਦੀ ਮੀਟਿੰਗ ਤੋਂ ਮੁਲਾਜ਼ਮਾਂ ਨੂੰ ਉਮੀਦ, ਮੰਗਾਂ ਦਾ ਹੱਲ ਨਾ ਹੋਣ ਤੇ ਸੰਘਰਸ਼ ਹੋਰ ਤੇਜ਼ ਕਰਨ ਦੀ ਚੇਤਾਵਨੀ
- 30 ਨਵੰਬਰ ਨੂੰ ਸਿਹਤ ਮੰਤਰੀ ਪੰਜਾਬ ਦੇ ਹਲਕੇ ਵਿੱਚ ਸੂਬਾ ਪੱਧਰੀ ਰੋਸ ਰੈਲੀ

ਆਵਾਜ਼ਿ ਕੌਮ AWAZE QAUM International Newspaper & WEB TV


ਪਿੰਡ ਗਦਲੀ ਵਿਖੇ ਪੰਨ ਪੰਨ ਸਾਹਿਬ ਸ਼੍ਰੀ ਗੁਰੂ ਨਾਨਕ ਦੇਵ ਜੀ ਅਵਤਾਰ ਪੁਰਬ ਨੂੰ ਸਮਰਪਿਤ ਸਮਾਗਮ 30 ਨਵੰਬਰ ਨੂੰ-ਗਿਆਨੀ ਭੁਪਿੰਦਰ ਸਿੰਘ ਗਦਲੀ



ਚੌਕ ਮਹਿਤਾ 26 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-ਤੇਰੀ ਓਟ ਆਸ਼ਿਆਨਾ ਗਦਲੀ ਦੇ ਮੁੱਖੀ ਸਿੱਖ ਪੰਥ ਦੇ ਮਹਾਨ ਵਿਦਵਾਨ ਕਥਾਵਾਚਕ ਗਿਆਨੀ ਭੁਪਿੰਦਰ ਸਿੰਘ ਗਦਲੀ ਵਾਲਿਆਂ ਦੀ ਅਗਵਾਈ ਹੇਠ ਧੰਨ ਧੰਨ ਸਾਹਿਬ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਪਵਿੱਤਰ ਪਾਵਨ ਅਵਤਾਰ ਪੁਰਬ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ 30 ਨਵੰਬਰ 2026 ਦਿਨ ਸੋਮਵਾਰ ਗੁਰਦੁਆਰਾ ਦੁਖ ਨਿਵਾਰਨ ਸਾਹਿਬ ਪਿੰਡ ਗਦਲੀ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਤੇ ਭਾਈ ਹਰਵਿੰਦਰ ਸਿੰਘ ਯੂ ਐਸ ਏ ਰਾਗੀ ਜਥਾ, ਖਾਲਸਾ ਸੇਵਾ ਟਰੱਸਟ ਰਾਗੀ ਜਥਾ, ਨਰਿੰਦਰ ਪਾਲ ਸਿੰਘ ਮਠਾੜੂ, ਭਾਈ ਹਰਪਾਲ ਸਿੰਘ ਤੂਰ ਯੂ ਐਸ ਏ, ਸਿੰਘ ਸਾਹਿਬ ਗਿਆਨੀ ਰਾਜਦੀਪ ਸਿੰਘ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਭਾਈ ਗੁਰਦੇਵ ਸਿੰਘ ਵੇਰਕਾ ਹਜ਼ੂਰ ਰਾਗੀ ਸ੍ਰੀ ਦਰਬਾਰ ਸਾਹਿਬ, ਭਾਈ ਵਿਸ਼ਾਲ ਸਿੰਘ ਹਜ਼ੂਰੀ ਕਥਾਵਾਚਕ ਸ੍ਰੀ ਮੰਜੀ ਸਾਹਿਬ ਵਾਲੇ, ਗਿਆਨੀ ਹਰਪ੍ਰੀਤ ਸਿੰਘ ਵਡਾਲਾ ਕਥਾਵਾਚਕ, ਭਾਈ ਮਹਿਤਾਬ ਸਿੰਘ ਹਜ਼ੂਰੀ ਰਾਗੀ, ਭਾਈ ਗੁਰਲਾਲ ਸਿੰਘ ਕਥਾਵਾਚਕ,ਸਿੰਘ ਸਾਹਿਬ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਦਸਮੇਸ਼ ਤਰਨਾ ਦਲ, ਸੰਤ ਬਾਬਾ ਸੱਜਣ ਸਿੰਘ ਗੁਰੂ ਕੀ ਬੇਰ ਸਾਹਿਬ ਬੋਪਾਰਾਏ ਵਾਲੇ, ਜਥੇਦਾਰ ਬਾਬਾ ਗੁਰਬਚਨ ਸਿੰਘ ਸੁਰ ਸਿੰਘ ਵਾਲੇ, ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਵਾਲੇ, ਸੰਤ ਬਾਬਾ ਕਵਲਜੀਤ ਸਿੰਘ ਗੁਰਦੁਆਰਾ ਨਾਗੀਆਨਾ ਸਾਹਿਬ ਉਦੋਕੇ ਵਾਲੇ, ਸੰਤ ਬਾਬਾ ਗੁਰਦੀਪ ਸਿੰਘ ਖੁਜਾਲੇ ਵਾਲੇ, ਸੰਤ ਬਾਬਾ ਗੁਰਦੇਵ ਸਿੰਘ ਗੁਰਦੁਆਰਾ ਭਗਤਾਂ ਦਾ ਡੇਰਾ ਤਰਸਿੱਕਾ ਵਾਲੇ, ਬਾਬਾ ਸੁਖਵੰਤ ਸਿੰਘ ਚੰਨਣਕੇ, ਗਿਆਨੀ ਭੁਪਿੰਦਰ ਸਿੰਘ ਗਦਲ ਮੁੱਖੀ ਤੇਰੀ ਓਟ ਆਸ਼ੀਆਨਾ ਵੱਲੋਂ ਸਮੂਹ ਦੇਸ਼ਾਂ ਵਿਦੇਸ਼ਾਂ ਦੀਆਂ ਸੰਗਤਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਵੱਧ ਤੋਂ ਵੱਧ ਸੰਗਤਾਂ ਹਾਜ਼ਰੀਆਂ ਭਰ ਕੇ ਸਾਹਿਬ ਸ਼੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦੇ ਪ੍ਰਕਾਸ਼ ਪੁਰਬ ਦੀਆਂ ਖੁਸ਼ੀਆਂ ਪ੍ਰਾਪਤ ਕਰਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਰਕਾਰੀ ਹਾਈ ਸਮਾਰਟ ਸਕੂਲ ਸਤੀਏ ਵਾਲਾ ਦੇ ਵਿਦਿਆਰਥੀਆਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਦਰਸਾਏ ਮਾਰਗ ਤੇ ਚੱਲਣ ਦੀ ਅਪੀਲ



ਫ਼ਿਰੋਜ਼ਪੁਰ, 26 ਨਵੰਬਰ (ਮਨੋਹਰ ਲਾਲ) :— ਸਰਕਾਰੀ ਹਾਈ ਸਮਾਰਟ ਸਕੂਲ ਸਤੀਏ ਵਾਲਾ ਫ਼ਿਰੋਜ਼ਪੁਰ ਵਿਖੇ ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਉਤਸਵ ਤੇ ਸ੍ਰੀ ਪੀ.ਸੀ ਕੁਮਾਰ ਨੇ ਬੱਚਿਆਂ, ਅਧਿਆਪਕਾਂ ਤੇ ਮਾਪਿਆਂ ਨੂੰ ਸੰਬੋਧਨ ਕਰਦਿਆਂ ਨਾਮ ਜਪੋ ਕੀਰਤ ਕਰੋ ਵੰਡ ਛਕੋ ਦੇ ਦਰਸਾਏ ਹੋਏ ਮਾਰਗ ਤੇ ਚੱਲਕੇ ਆਪਣਾ ਜੀਵਨ ਸਫਲ ਬਣਾਓ ਦਾ ਹੋਕਾ ਦਿੱਤਾ। ਉਨ੍ਹਾਂ ਕਿਹਾ ਕਿ ਭਾਈ ਲਹਿਣਾ ਤੇ ਭਾਈ ਕਨਈਆ ਦਾ ਕਾਲ ਪੈ ਗਿਆ ਹੈ। ਸਮਾਜ ਸੇਵੀ ਸ੍ਰੀ ਪੀ.ਸੀ ਕੁਮਾਰ ਸੇਵਾ ਮੁਕਤ ਮਾਸ ਮੀਡੀਆ, ਸੀ.ਐਚ.ਟੀ, 50 ਸਾਲਾਂ ਤੋਂ ਸਮਾਜ ਸੇਵਾ ਦੇ ਨਾਲ-ਨਾਲ ਲੋਕ ਭਲਾਈ ਕਾਰਜ, ਗਰੀਬਾਂ ਅਤੇ ਲੋੜਵੰਦਾਂ ਦੀ ਸੇਵਾ, ਮਨੁੱਖਤਾ ਦੀ ਸੇਵਾ ਕਰਨ ਲਈ ਸਕੂਲ ਸਟਾਫ ਅਤੇ ਵਿਦਿਆਰਥੀਆਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ 557 ਸਾਲਾਂ ਅਤੇ ਉਨ੍ਹਾਂ ਵੱਲੋਂ ਦਿੱਤੀਆਂ ਗਈਆਂ ਸਿੱਖਿਆ ਤੇ ਉਪਦੇਸ਼ਾਂ ਨੂੰ ਅਸਲ ਜ਼ਿੰਦਗੀ ਵਿਚ ਅਪਣਾਉਣ ਲਈ ਬੱਚਿਆਂ ਨੂੰ ਹਲਫ ਚੁਕਾਇਆ ਗਿਆ ਅਤੇ ਜ਼ਿੰਦਗੀ ਵਿਚ ਉਨ੍ਹਾਂ ਦੇ ਮੁੱਖ ਉਪਦੇਸ਼ ਨਾਮ ਜਪੋ, ਕਿਰਤ ਕਰੋ, ਵੰਡ ਛਕੋ ਨੂੰ ਅਸਲ ਜ਼ਿੰਦਗੀ ਵਿਚ ਲਾਗੂ ਕਰਨ ਲਈ ਕਿਹਾ। ਗੱਲਬਾਤ ਕਰਦਿਆਂ ਪੀ.ਸੀ ਕੁਮਾਰ ਨੇ ਬੱਚਿਆਂ ਨੂੰ ਨੇਕੀ ਦੇ ਰਾਹ ਤੇ ਚੱਲਣ ਅਤੇ ਨਸ਼ਿਆਂ ਤੋਂ ਦੂਰ ਰਹਿਣ ਅਤੇ ਆਪਣੇ ਮਾਤਾ-ਪਿਤਾ ਦੇ ਕਹਿਣੇ ਅਨੁਸਾਰ ਸਮਾਜ ਦੀ ਪ੍ਰਗਤੀ ਵਿਚ ਯੋਗਦਾਨ ਪਾਉਣ ਲਈ ਉਪਦੇਸ਼ ਦਿੱਤਾ ਗਿਆ। ਸਕੂਲ ਵਿਚ ਆਉਣ ਤੇ ਪੀ.ਸੀ ਕੁਮਾਰ ਦਾ ਸਕੂਲ ਮੁਖੀ ਵੱਲੋਂ ਅਣਥੱਕ ਸੇਵਾ ਅਤੇ ਮਨੁੱਖਤਾ ਨੂੰ ਸਮਰਪਨ ਨੂੰ ਦਿਲੋਂ ਨਮਨ ਕੀਤਾ ਅਤੇ ਅਰਦਾਸ ਕੀਤੀ ਕਿ ਵਾਹਿਗੁਰੂ ਆਪ ਜੀ ਦੀ ਤੰਦਰੁਸਤੀ ਅਤੇ ਲੰਮੀ ਉਮਰ ਅਤੇ ਚੜ੍ਹਦੀ ਕਲਾਂ ਬਖਸ਼ਣ ਤਾਂ ਜੋ ਆਪ ਇਸੇ ਤਰ੍ਹਾਂ ਮਨੁੱਖਤਾ ਦੀ ਸੇਵਾ ਕਰਦੇ ਰਹੋ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸੰਵਿਧਾਨ ਦਿਵਸ 'ਤੇ ਸੰਗਰੂਰ 'ਚ ਭਾਜਪਾ ਦਾ ਸਮਾਗਮ

ਬਾਬਾਸਾਹਿਬ ਦੀ ਵਿਰਾਸਤ ਦੀ ਅਸਲ ਰਾਖੀ ਮੋਦੀ ਸਰਕਾਰ ਨੇ ਕੀਤੀ, ਕਾਂਗਰਸ ਨੇ ਹਮੇਸ਼ਾ ਕੀਤਾ ਅਪਮਾਨ: ਭਾਜਪਾ

ਸੰਗਰੂਰ (ਰਣਜੀਤ ਸਿੰਘ ਪੇਧਨੀ)– ਭਾਰਤੀ ਜਨਤਾ ਪਾਰਟੀ (ਭਾਜਪਾ) ਪੰਜਾਬ ਵੱਲੋਂ ਅੱਜ ਸੰਵਿਧਾਨ ਦਿਵਸ ਮੌਕੇ ਸੰਗਰੂਰ ਵਿਖੇ ਸੂਬਾ ਪੱਧਰੀ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਸੂਬੇ ਭਰ ਤੋਂ ਪਾਰਟੀ ਲੀਡਰਸ਼ਿਪ ਅਤੇ ਵਰਕਰਾਂ ਨੇ ਭਰਵੀਂ ਸ਼ਮੂਲੀਅਤ ਕੀਤੀ।

ਸਮਾਗਮ ਦੇ ਮੁੱਖ ਬੁਲਾਰੇ ਲੋਕ ਸਭਾ ਮੈਂਬਰ ਡਾ. ਭੋਲਾ ਸਿੰਘ ਅਤੇ ਰਾਜ ਸਭਾ ਮੈਂਬਰ ਸਤਨਾਮ ਸਿੰਘ ਸੰਧੂ ਨੇ ਸੰਵਿਧਾਨ ਦੇ ਮੁੱਖ ਸ਼ਿਲਪਕਾਰ ਬਾਬਾਸਾਹਿਬ ਡਾ. ਭੀਮਰਾਓ ਅੰਬੇਡਕਰ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੇ ਬਾਬਾਸਾਹਿਬ ਦੇ ਜੀਵਨ ਨਾਲ ਜੁੜੇ ਪੰਜ ਇਤਿਹਾਸਕ ਅਸਥਾਨਾਂ ਨੂੰ 'ਪੰਚਤੀਰਥ' ਵਜੋਂ ਵਿਕਸਿਤ ਕਰਕੇ ਅਤੇ ਇਤਿਹਾਸਕ ਸੰਵਿਧਾਨਕ ਸੋਧਾਂ ਰਾਹੀਂ ਕਮਜ਼ੋਰ ਤੇ ਪੱਛੜੇ ਵਰਗਾਂ ਨੂੰ ਪੱਕੇ ਹੱਕ ਦੇ ਕੇ ਉਨ੍ਹਾਂ ਦੇ ਸਮਾਜਿਕ ਨਿਆਂ ਅਤੇ ਸਮਾਨਤਾ ਦੇ ਸੰਕਲਪ ਨੂੰ ਅਸਲ ਮਾਅਨਿਆਂ ਵਿੱਚ ਸਾਕਾਰ ਕੀਤਾ ਹੈ। ਸਮਾਗਮ ਵਿੱਚ ਸੂਬਾ ਕਾਰਜਕਾਰਨੀ ਮੈਂਬਰ ਦਿਆਲ ਸਿੰਘ ਸੋਢੀ, ਜ਼ਿਲ੍ਹਾ ਪ੍ਰਧਾਨ (ਸੰਗਰੂਰ 1) ਸਰਜੀਵਨ ਜਿੰਦਲ , ਭੁਪੇਸ਼ ਜਿੰਦਲ ਅਤੇ ਓਂਕਾਰ ਸਿੰਘ ਸਮੇਤ ਸੀਨੀਅਰ ਪਾਰਟੀ ਆਗੂਆਂ ਨੇ ਵਿਸ਼ੇਸ਼ ਸ਼ਮੂਲੀਅਤ ਕੀਤੀ। ਡਾ. ਭੋਲਾ ਸਿੰਘ ਨੇ ਜ਼ੋਰ ਦੇ ਕੇ ਕਿਹਾ ਕਿ ਸੰਵਿਧਾਨ ਵਿੱਚ ਕੀਤੀਆਂ ਜਾਣ ਵਾਲੀਆਂ ਸੋਧਾਂ ਦਾ ਇਕੋ-ਇਕ ਉਦੇਸ਼ ਹਮੇਸ਼ਾ ਦੇਸ਼ ਹਿੱਤ ਅਤੇ ਜਨ ਹਿੱਤ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਦੇ ਸ਼ਾਸਨਕਾਲ ਦੌਰਾਨ ਸੰਵਿਧਾਨ ਵਿੱਚ ਕੀਤੀਆਂ ਗਈਆਂ ਜ਼ਿਆਦਾਤਰ ਸੋਧਾਂ ਪਾਰਟੀ ਦੇ ਸਿਆਸੀ ਹਿੱਤਾਂ ਅਤੇ ਸੱਤਾ ਦੀ ਭੁੱਖ ਨੂੰ ਧਿਆਨ ਵਿੱਚ ਰੱਖ ਕੇ ਕੀਤੀਆਂ ਗਈਆਂ। ਇਸ ਦੇ ਉਲਟ, ਸਾਲ 2014 ਤੋਂ ਬਾਅਦ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵੱਲੋਂ ਕੀਤੀਆਂ ਗਈਆਂ ਸਾਰੀਆਂ ਸੰਵਿਧਾਨਕ ਸੋਧਾਂ ਦਾ ਮਕਸਦ ਦੇਸ਼ ਦੀ ਸੁਰੱਖਿਆ, ਆਰਥਿਕ ਮਜ਼ਬੂਤੀ ਅਤੇ ਲੋਕ ਭਲਾਈ ਰਿਹਾ ਹੈ। ਭਾਜਪਾ ਨੇ ਹਮੇਸ਼ਾ ਡਾ. ਅੰਬੇਡਕਰ ਦੀਆਂ ਸਿੱਖਿਆਵਾਂ ਅਤੇ ਸੰਵਿਧਾਨਕ ਆਦਰਸ਼ਾਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਕੇ ਸਮਾਜਿਕ ਬਰਾਬਰੀ ਕਾਇਮ ਕਰਨ ਦਾ ਇਮਾਨਦਾਰਾਨਾ ਕੰਮ ਕੀਤਾ ਹੈ। ਰਾਜ ਸਭਾ ਮੈਂਬਰ ਸਤਨਾਮ ਸਿੰਘ ਸੰਧੂ ਨੇ ਕਾਂਗਰਸ ਲੀਡਰਸ਼ਿਪ ਨੂੰ ਕਰੜੇ ਹੱਥੀਂ ਲੈਂਦਿਆਂ ਕਿਹਾ ਕਿ ਰਾਹੁਲ ਗਾਂਧੀ ਅੱਜ ਹਰ ਮੰਚ 'ਤੇ ਹੱਥ ਵਿੱਚ ਸੰਵਿਧਾਨ ਦੀ ਕਿਤਾਬ ਫੜ ਕੇ 'ਸੰਵਿਧਾਨ ਬਚਾਉਣ' ਦੀਆਂ ਦੁਹਾਈਆਂ ਦਿੰਦੇ ਹਨ, ਜਦਕਿ ਸੱਚਾਈ ਇਹ ਹੈ ਕਿ ਕਾਂਗਰਸ ਦੇ ਸ਼ਾਸਨਕਾਲ ਦੌਰਾਨ ਹੀ ਸੰਵਿਧਾਨ ਨੂੰ ਸਭ ਤੋਂ ਵੱਧ ਕਮਜ਼ੋਰ ਕੀਤਾ ਗਿਆ ਅਤੇ ਕੁਚਲਿਆ ਗਿਆ। ਉਨ੍ਹਾਂ ਕਿਹਾ ਕਿ ਕਾਲੀ ਐਮਰਜੈਂਸੀ ਦੌਰਾਨ ਕਾਂਗਰਸ ਨੇ ਦੇਸ਼ ਦੀਆਂ ਤਮਾਮ ਲੋਕਤੰਤਰਿਕ ਅਤੇ ਸੰਵਿਧਾਨਕ ਸੰਸਥਾਵਾਂ ਨੂੰ ਗੰਭੀਰ ਸੱਟ ਮਾਰੀ ਅਤੇ ਨਾਗਰਿਕਾਂ ਦੇ ਮੌਲਿਕ ਅਧਿਕਾਰ ਖੋਹ ਲਏ ਸਨ। ਸੰਧੂ ਨੇ ਚੇਤੇ ਕਰਵਾਇਆ ਕਿ ਉਸ ਦੌਰਾਨ ਲੋਕਤੰਤਰ ਦੀ ਬਹਾਲੀ ਲਈ ਪੰਜਾਬੀਆਂ ਨੇ ਸਭ ਤੋਂ ਵੱਡੀ ਕੀਮਤ ਚੁਕਾਈ ਅਤੇ ਅਣਗਿਣਤ ਕੁਰਬਾਨੀਆਂ ਦੇ ਕੇ ਤਾਨਾਸ਼ਾਹੀ ਦਾ ਡਟ ਕੇ ਮੁਕਾਬਲਾ ਕੀਤਾ। ਸਟੇਜ ਉੱਤੋਂ ਬਾਬਾਸਾਹਿਬ ਡਾ. ਅੰਬੇਡਕਰ ਦੇ ਸੰਵਿਧਾਨਕ ਮੁੱਲਾਂ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ 'ਸਬਕਾ ਸਾਥ, ਸਬਕਾ ਵਿਕਾਸ, ਸਬਕਾ ਵਿਸ਼ਵਾਸ' ਦੇ ਸੰਕਲਪ ਨੂੰ ਪਿੰਡ-ਪਿੰਡ ਪਹੁੰਚਾਉਣ ਦਾ ਸੱਦਾ ਦਿੱਤਾ ਗਿਆ। ਇਸ ਮੌਕੇ ਬੀਜੇਪੀ ਸੀਨਿਅਰ ਆਗੂ ਵਿੱਕੀ ਪਰੋਚਾ , ਅਜੇ ਪਰੋਚਾ,ਜਗਤ ਕਬੂਰੀਆ,ਚੰਦ ਸਿੰਘ ਚੱਠਾ,ਜਗਦੇਵ ਜਿੰਦਲ,ਅੰਮ੍ਰਿਤ ਰਾਜ ਚੱਠਾ,ਰਾਂਝਾ ਬਖਸ਼ੀ,ਬਰਜੇਸ਼ਵਰ ਗੋਇਲ,ਗੁਰਤੇਜ ਸਿੰਘ ਝਨੇੜੀ, ਸਤਵੰਤ ਸਿੰਘ ਪੂਨੀਆ, ਸੁਰੇਸ਼ ਬੇਦੀ ,ਨੀਰੂ ਸਿੰਗਲਾ ,ਗੰਮੀ ਕਲਿਆਣ,ਕੁਲਭੂਸ਼ਣ ਗੋਇਲ ,ਕਮਲਜੀਤ ਗਰਗ, ਪ੍ਰਦੀਪ ਗਰਗ,ਸੁਰਿੰਦਰ ਸ਼ਰਮਾ, ਵਿਜੇ ਸਾਹਨੀ,ਪਰਮਜੀਤ ਸਿੰਘ ਭਿੰਦੀ, ਆਸ਼ੀਸ਼ ਗਰਗ, ਗੁਰਜੀਤ ਸਿੰਘ, ਗੁਰਪਿੰਦਰ ਗੋਰਾ, ਜਗਸੀਰ ਸਿੰਘ ,ਸੁਖਪਾਲ ਸ਼ਰਮਾ, ਗੁਰਦੀਪ ਸਿੰਘ ,ਰੋਸ਼ਮ ਸਿੰਘ, ਹਰਪਾਲ ਕੌਰ ,ਪ੍ਰਤਾਪ ਢਿੱਲੋਂ ,ਮਲਕੀਤ ਸਿੰਘ, ਗੁਰਸ਼ਰਨ ਸਿੰਘ ਆਦਿ ਵੀ ਹਾਜ਼ਰ ਸਨ।



ਐਮਰਜੈਂਸੀ ਲਗਾ ਕੇ ਸੰਵਿਧਾਨ ਕੁਚਲਣ ਵਾਲੀ ਕਾਂਗਰਸ ਨੂੰ ਸੰਵਿਧਾਨ ਬਚਾਉਣ ਦੀ ਗੱਲ ਕਰਨ ਦਾ ਕੋਈ ਹੱਕ ਨਹੀਂ: ਸਤਨਾਮ ਸਿੰਘ ਸੰਧੂ

ਆਵਾਜ਼ਿ ਕੌਮ AWAZE QAUM International Newspaper & WEB TV

ਵਿਦੇਸ਼ੀ ਧਰਤੀ ਤੇ ਸੰਗਤ ਨੂੰ ਗੁਰਬਾਣੀ ਨਾਲ ਜੋੜਣ ਦੇ ਮਨੋਰਥ ਨਾਲ ਗੁਰਦੁਆਰਾ ਬਾਬੇ ਕੇ ਹੋਕਲੀ ਬਰਮਿੰਘਮ ਵਿਖੇ ਕਰਵਾਏ ਧਾਰਮਿਕ ਸਮਾਗਮ



ਫ਼ਿਰੋਜ਼ਪੁਰ, 26 ਨਵੰਬਰ (ਮਨੋਹਰ ਲਾਲ)-ਗੁਰਦੁਆਰਾ ਬਾਬੇ ਕੇ ਹੋਕਲੀ ਬਰਮਿੰਘਮ (ਯੂ.ਕੇ.) ਵਿਖੇ ਧੰਨ—ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦੇ ਗੁਰਪੁਰਬ ਅਤੇ ਸੰਤ ਬਾਬਾ ਨਾਹਰ ਸਿੰਘ ਜੀ ਸਨੇਰਾਂ ਵਾਲਿਆਂ ਦੀ 19ਵੀਂ ਬਰਸੀ ਨੂੰ ਸਮਰਪਿਤ ਵਿਸ਼ੇਸ਼ ਧਾਰਮਿਕ ਸਮਾਗਮ ਕਰਵਾਏ ਜਾ ਰਹੇ ਹਨ। ਇਹ ਸਮਾਗਮ 23 ਨਵੰਬਰ ਤੋਂ 29 ਨਵੰਬਰ ਤੱਕ ਚੱਲ ਰਹੇ ਹਨ, ਜਿਨ੍ਹਾਂ ਨੂੰ ਲੈ ਕੇ ਸੰਗਤਾਂ ਵਿੱਚ ਭਾਰੀ ਉਤਸ਼ਾਹ ਦੇਖਿਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਜਸਵਿੰਦਰ ਸਿੰਘ ਕਾਲਾ, ਮਨਜੀਤ ਸਿੰਘ ਭੋਗਲ ਸੀਨੀਅਰ ਐਡਵੋਕੇਟ ਅਤੇ ਮੁੱਖ ਪ੍ਰਬੰਧਕ ਗੁਰਦੁਆਰਾ ਬਾਬੇ ਕੇ ਹੋਕਲੀ ਬਰਮਿੰਘਮ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸੰਤ ਬਾਬਾ ਨਾਹਰ ਸਿੰਘ ਸਨੇਰਾਂ ਵਾਲਿਆਂ ਦੀ 19ਵੀਂ ਬਰਸੀ ਸ਼ਰਧਾ ਅਤੇ ਸਤਿਕਾਰ ਨਾਲ ਮਨਾਈ ਜਾ ਰਹੀ ਹੈ। ਆਗੂਆਂ ਅਨੁਸਾਰ ਸਮਾਗਮ ਦੀਆਂ ਤਿਆਰੀਆਂ ਜੋਰਾਂ ਨਾਲ ਕੀਤੀਆਂ ਗਈਆਂ ਹਨ ਅਤੇ ਇਸ ਮੌਕੇ ਵੱਡੀ ਗਿਣਤੀ ਵਿੱਚ ਸੰਤ ਮਹਾਂਪੁਰਖ, ਗੁਣੀ ਗਿਆਨੀ, ਰਾਗੀ, ਢਾਡੀ ਅਤੇ ਕਥਾਵਾਚਕ ਜਥੇ ਪਹੁੰਚ ਰਹੇ ਹਨ। ਉਨ੍ਹਾਂ ਦੱਸਿਆ ਕਿ ਸਮਾਗਮ ਦੌਰਾਨ ਸੰਤ ਬਾਬਾ ਸੁਖਜੀਤ ਸਿੰਘ ਸੀਚੇਵਾਲ, ਬਾਬਾ ਮਨਪ੍ਰੀਤ ਸਿੰਘ ਅਲੀਪੁਰ ਖਾਲਸਾ, ਭਾਈ ਅਮਨਜੀਤ ਸਿੰਘ ਖਾਲਸਾ ਦਿੱਲੀ ਵਾਲੇ, ਭਾਈ ਦਵਿੰਦਰ ਸਿੰਘ ਸੋਢੀ, ਭਾਈ ਦਿਲਬਾਗ ਸਿੰਘ ਸੰਗਰੂਰ ਵਾਲੇ, ਭਾਈ ਭਰਤ ਸਿੰਘ ਜੱਵਦੀ ਟਕਸਾਲ ਵਾਲੇ ਅਤੇ ਬਾਬਾ ਹਰਜੀਤ ਸਿੰਘ ਮਹਿਤਾ ਚੌਂਕ ਵਾਲੇ ਸਮੇਤ ਹੋਰ ਸ਼ਖਸੀਅਤਾਂ ਹਾਜ਼ਰੀ ਭਰ ਰਹੀਆਂ ਹਨ। ਇਸ ਮੌਕੇ ਭਾਈ ਭਰਤ ਸਿੰਘ ਜੱਵਦੀ ਟਕਸਾਲ ਨੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਸਮਾਗਮ ਦੀ ਰੂਪਰੇਖਾ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਕਿਹਾ ਕਿ ਸ੍ਰੀ ਆਖੰਡ ਪਾਠ ਸਾਹਿਬ ਜੀ ਦੀ ਪਹਿਲੀ ਲੜੀ 23 ਨਵੰਬਰ ਨੂੰ ਆਰੰਭ ਹੋਈ ਅਤੇ 25 ਨਵੰਬਰ ਨੂੰ ਭੋਗ ਪਾਏ ਜਾਣਗੇ। ਇਸ ਤੋਂ ਬਾਅਦ ਸ੍ਰੀ ਆਖੰਡ ਪਾਠ ਸਾਹਿਬ ਜੀ ਦੀ ਦੂਸਰੀ ਲੜੀ 25 ਨਵੰਬਰ ਤੋਂ ਸ਼ੁਰੂ ਹੋ ਕੇ 27 ਨਵੰਬਰ ਤੱਕ ਚੱਲੇਗੀ। ਸਮਾਗਮ ਦੌਰਾਨ ਸਟੇਜ ਅਤੇ ਪ੍ਰਬੰਧਕੀ ਸੇਵਾਵਾਂ ਵੀ ਬਾਖੂਬੀ ਨਿਭਾਈਆਂ ਜਾ ਰਹੀਆਂ ਹਨ। ਇਨ੍ਹਾਂ ਸਮਾਗਮਾਂ ਦੌਰਾਨ ਗੁਰਮੀਤ ਸਿੰਘ ਜੰਡੂ, ਜਸਵੰਤ ਸਿੰਘ ਸੈਬੀ, ਅਮਰੀਕ ਸਿੰਘ ਚੀਤਾ, ਬਲਕਾਰ ਸਿੰਘ ਵੜੈਚ, ਸਵਰਨ ਸਿੰਘ ਸਹਿਮੀ ਅਤੇ ਸਟੇਜ ਸੈਕਟਰੀ ਹਰਜਿੰਦਰ ਸਿੰਘ ਸੈਬੀ ਨੇ ਸਟੇਜ ਦੀ ਸੇਵਾ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ। ਸਮਾਗਮ ਦੌਰਾਨ ਹਾਜ਼ਰ ਸੰਗਤਾਂ ਨੇ ਗੁਰਬਾਣੀ ਕੀਰਤਨ ਅਤੇ ਕਥਾ ਵਿਚਾਰਾਂ ਦਾ ਆਨੰਦ ਮਾਣਿਆ ਅਤੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ।

ਖੁਸਹਾਲ ਪੰਜਾਬ ਮਹਾਂ ਰੈਲੀ ਨੇ ਭਗਵੰਤ ਸਿੰਘ ਮਾਨ ਨੂੰ

ਦੁਬਾਰਾ ਮੁੱਖ ਮੰਤਰੀ ਬਣਾਉਣ 'ਤੇ ਲਾਈ ਮੋਹਰ ਹਰਜਿੰਦਰ ਸਿੰਘ ਕਾਂਝਲਾ



ਧੂਰੀ (ਰਣਜੀਤ ਸਿੰਘ ਪੇਧਨੀ)-ਖੁਸ਼ਹਾਲ ਪੰਜਾਬ' ਮਹਾਂਰੈਲੀ ਲੋਕਾਂ ਨਾਲ ਸੰਵਾਦ ਅਤੇ ਵਿਕਾਸ ਦੇ ਸੰਕਲਪ ਨੂੰ ਹੋਰ ਮਜ਼ਬੂਤ ਕਰਨ ਦੇ ਨਾਲ ਨਾਲ ਵਿਰੋਧੀ ਪਾਰਟੀਆਂ ਦੀ ਨੀਂਦ ਵੀ ਉਡਾ ਕੇ ਰੱਖ ਦਿੱਤੀ ਹੈ । ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਅਤੀ ਨਜ਼ਦੀਕੀਆਂ ਵਜੋਂ ਜਾਣੇ ਜਾਂਦੇ ਹਰਜਿੰਦਰ ਸਿੰਘ ਕਾਂਝਲਾ ਮੈਂਬਰ ਜਿਲ੍ਹਾ ਪ੍ਰੀਸ਼ਦ ਨੇ ਕੀਤਾ। ਉਹਨਾਂ ਕਿਹਾ ਕਿ ਬੇਸ਼ੱਕ ਸ਼੍ਰੋਮਣੀ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ ਦਾ ਗੱਠਜੋੜ ਹੋ ਚੁੱਕਿਆ ਹੈ। ਪਰ ਪੰਜਾਬੀਆਂ ਨੂੰ ਇਸ ਦੇ ਨਾਲ ਕੋਈ ਫਰਕ ਨਹੀਂ ਪੈਣਾ, ਪੰਜਾਬ ਦੇ ਲੋਕ ਭਲੀਭਾਂਤ ਜਾਣਦੇ ਹਨ ਕਿ ਪਹਿਲਾਂ 70 ਸਾਲਾਂ ਦੇ ਵਿੱਚ ਕਾਂਗਰਸ ਅਤੇ ਅਕਾਲੀ ਦਲ ,ਭਾਰਤੀ ਜਨਤਾ ਪਾਰਟੀ ਦੀਆਂ ਸਾਂਝੀਆਂ ਸਰਕਾਰਾਂ ਨੇ ਪੰਜਾਬ ਨੂੰ ਲੁੱਟਣ ਅਤੇ ਕੁੱਟਣ ਦਾ ਕੰਮ ਕੀਤਾ ਹੈ। ਉਹਨਾਂ ਕਿਹਾ ਕਿ ਅੱਜ ਦੀ ਖੁਸ਼ਹਾਲ ਮਹਾਰੈਲੀ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਦੁਬਾਰਾ ਮੁੱਖ ਮੰਤਰੀ ਬਣਾਉਣ ਤੇ ਮੋਹਰ ਲਗਾ ਦਿੱਤੀ ਕਿਉਂਕਿ ਇੰਨਾ ਜ਼ਿਆਦਾ ਵੱਡਾ ਇਕੱਠ ਨਾ, ਕੋਈ ਵਿਰੋਧੀ ਪਾਰਟੀ ਕਰ ਸਕਦੀ ਹੈ ਅਤੇ ਨਾ ਹੀ ਕਿਸੇ ਦੇ ਵੱਸ ਦੀ ਗੱਲ ਹੈ। ਪੰਜਾਬ ਦੇ ਲੋਕਾਂ ਨੇ ਮਨ ਬਣਾ ਲਿਆ ਹੈ ਕਿ ਭਾਰਤੀ ਜਨਤਾ ਪਾਰਟੀ,ਸ਼੍ਰੋਮਣੀ ਅਕਾਲੀ ਦਲ,ਕਾਂਗਰਸ ਪਾਰਟੀ ਨੂੰ ਪੰਜਾਬ ਦੇ ਲੋਕ ਹੁਣ ਮੂੰਹ ਨਹੀਂ ਲਾਉਣਗੇ। ਇੱਕ ਮੌਕਾ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਹੋਰ ਦੇ ਕੇ ਪੰਜਾਬ ਨੂੰ ਤਰੱਕੀ ਦੇ ਰਾਹ ਤੇ ਲੈ ਕੇ ਜਾਣ ਵਿੱਚ ਪੰਜਾਬੀ ਆਪਣਾ ਅਹਿਮ ਯੋਗਦਾਨ ਪਾਉਣਗੇ ।

ਆਵਾਜ਼ਿ ਕੌਮ AWAZE QAUM International Newspaper & WEB TV

70ਵੀ ਪੰਜਾਬ ਰਾਜ ਅੰਤਰ ਜਿਲ੍ਹਾ ਸਕੂਲ ਖੇਡਾਂ ਅੰਡਰ 19 ਸਾਲ ਲੜਕੀਆਂ ਤਿੰਨ ਰੋਜ਼ਾ ਬਾਸਕਟਬਾਲ ਚੈਂਪੀਅਨਸ਼ਿਪ ਸ਼ੁਰੂ

ਕਪੂਰਥਲਾ, 26 ਨਵੰਬਰ (ਆਵਾਜ਼ਿ ਕੌਮ ਬਿਊਰੋ)-70ਵੀ ਪੰਜਾਬ ਰਾਜ ਅੰਤਰ ਜਿਲ੍ਹਾ ਸਕੂਲ ਖੇਡਾਂ ਅੰਡਰ 19 ਸਾਲ ਲੜਕੀਆਂ ਤਿੰਨ ਰੋਜ਼ਾ ਬਾਸਕਟਬਾਲ ਚੈਂਪੀਅਨਸ਼ਿਪ -- 2026 - 27 ਅੱਜ ਸਥਾਨਿਕ ਘੰਟਾ ਘਰ ਸਕੂਲ ਵਿੱਚ ਸ਼ਾਨੋ ਸ਼ੌਕਤ ਨਾਲ ਸ਼ੁਰੂ ਹੋ ਗਈ। ਗੋਲਡ ਮੈਡਲਿਸਟ ਡੀ ਐਮ (ਸਪੋਰਟਸ) ਕਪੂਰਥਲਾ ਸੁਖਵਿੰਦਰ ਸਿੰਘ ਖੱਸਣ ਨੇ ਦੱਸਿਆ ਕਿ ਜਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਸਕੂਲਜ਼) ਕਪੂਰਥਲਾ ਹਰਜਿੰਦਰ ਸਿੰਘ ਅਤੇ ਜਿਲ੍ਹਾ ਟੂਰਨਾਮੈਂਟ ਪ੍ਰਬੰਧਕ ਕਮੇਟੀ ਦੇ ਜਨਰਲ ਸਕੱਤਰ ਪ੍ਰਿੰਸੀਪਲ ਗੁਰਚਰਨ ਸਿੰਘ ਚਾਹਲ , ਪ੍ਰਿੰਸੀਪਲ ਨਵਚੇਤਨ ਸਿੰਘ ਸੀਨੀਅਰ ਮੀਤ ਪ੍ਰਧਾਨ , ਪ੍ਰਿੰਸੀਪਲ ਮਨਜੀਤ ਸਿੰਘ ਸੀਨੀਅਰ ਮੀਤ ਪ੍ਰਧਾਨ, ਪ੍ਰਿੰਸੀਪਲ ਅਨੁਰਾਗ ਭੱਲਾ ਆਦਿ ਦੀ ਦੇਖ ਰੇਖ ਹੇਠ ਅੱਜ 70ਵੀ ਪੰਜਾਬ ਰਾਜ ਅੰਤਰ ਜਿਲ੍ਹਾ ਸਕੂਲ ਖੇਡਾਂ ਅੰਡਰ 19 ਸਾਲ ਲੜਕੀਆਂ ਤਿੰਨ ਰੋਜ਼ਾ ਬਾਸਕਟਬਾਲ ਚੈਂਪੀਅਨਸ਼ਿਪ ਦਾ ਉਦਘਾਟਨ ਜਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਕਪੂਰਥਲਾ ਹਰਜਿੰਦਰ ਸਿੰਘ ਨੇ ਕੀਤਾ ਜਿਹਨਾਂ ਜਿਲ੍ਹਾ ਟੂਰਨਾਮੈਂਟ ਪ੍ਰਬੰਧਕ ਕਮੇਟੀ ਦੇ ਆਹੁਦੇਦਾਰਾਂ ਅਤੇ ਕਾਰਜਕਾਰਣੀ ਮੈਂਬਰਾਂ ਦੀ ਹਾਜ਼ਰੀ ਦੌਰਾਨ ਬਾਸਕਟਬਾਲ ਖਿਡਾਰਨਾਂ ਨੂੰ ਅਸ਼ੀਰਵਾਦ ਦਿੰਦਿਆਂ ਹੋਇਆਂ ਗੋਲਡ ਮੈਡਲਿਸਟ ਡੀ ਐਮ (ਸਪੋਰਟਸ) ਕਪੂਰਥਲਾ ਸੁਖਵਿੰਦਰ ਸਿੰਘ ਖੱਸਣ ਦੇ ਜਿਲ੍ਹਾ ਅਤੇ ਰਾਜ ਪੱਧਰੀ ਖੇਡ ਟੂਰਨਾਮੈਂਟਾਂ ਦੇ ਆਯੋਜਨ ਲਈ ਕੀਤੇ ਚੁੱਕਵੇਂ ਪ੍ਰਬੰਧਾਂ ਦਾ ਸ਼ਲਾਘਾ ਕੀਤੀ। ਫਾਜਲਿਕਾ ਅਤੇ ਅੰਮ੍ਰਿਤਸਰ ਸਪੋਰਟਸ ਵਿੰਗ ਵਿੱਚਕਾਰ ਹੋਏ ਉਦਘਾਟਨੀ ਮੈਚ ਦੌਰਾਨ ਵਿਸ਼ੇਸ਼ ਮਹਿਮਾਨ ਵਜੋਂ ਪੁੱਜੇ ਉੱਘੇ ਉਦਯੋਗਪਤੀ ਹਰਜੀਤ ਸਿੰਘ ਯੂ ਐਸ ਏ, ਤਨਸ਼ ਯੂ ਐਸ ਏ ਅਤੇ ਬਲਜੀਤ ਸਿੰਘ ਯੂ ਐਸ ਐਸ ਏ ਨੇ ਜਿੱਥੇ ਉਦਘਾਟਨੀ ਮੈਚ ਖੇਡ ਰਹੀਆਂ ਬਾਸਕਟਬਾਲ ਖਿਡਾਰਨਾਂ ਨੂੰ ਅਸ਼ੀਰਵਾਦ ਦਿੱਤਾ ਉੱਥੇ ਉਹਨਾਂ ਟੂਰਨਾਮੈਂਟ ਪ੍ਰਬੰਧਕ ਕਮੇਟੀ ਨੂੰ 31000 ਰੁਪਏ ਦੀ ਨਗਦ ਆਰਥਿਕ ਸਹਾਇਤਾ ਵੀ ਦਿੱਤੀ ।

****



ਆਵਾਜ਼ਿ ਕੌਮ AWAZE QAUM International Newspaper & WEB TV

ਗੁਰਪ੍ਰੇਮ ਸਿੰਘ ਖੋਸਾ ਨੂੰ ਮੋਗਾ ਦਾ ਜਥੇਬੰਦਕ ਸਕੱਤਰ ਲੱਗਣ ਤੋਂ ਬਾਅਦ ਮਿਸਲ ਦੇ ਜ਼ੀਰਾ ਦਫਤਰ ਆਉਣ ਤੇ ਹਰਜਿੰਦਰ ਸਿੰਘ ਸਹੋਤਾ ਜੁਆਇੰਟ ਸਕੱਤਰ ਪੰਜਾਬ ਤੇ ਦਵਿੰਦਰ ਸਿੰਘ ਸੇਖੋਂ ਹਲਕਾ ਇੰਚਾਰਜ ਜ਼ੀਰਾ ਦਾ ਸਿਰੋਪਾਓ ਦੇ ਕੇ ਸਨਮਾਨਿਤ ਕਰਦੇ ਹੋਏ। ਫੋਟੋ : ਮਨੋਹਰ ਲਾਲ ਪੱਤਰਕਾਰ

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਡੇਰਾ ਬਿਆਸ ਮੁਖੀ ਬਾਬਾ ਗੁਰਿੰਦਰ ਸਿੰਘ ਜੀ ਨੇ ਗੁਰਦੁਆਰਾ ਦਾਦੂ ਸਾਹਿਬ ਵਿਖੇ ਮੱਥਾ ਟੇਕਿਆ

ਜਥੇਦਾਰ ਦਾਦੂਵਾਲ ਨਾਲ ਵਿਸ਼ੇਸ਼ ਮੁਲਾਕਾਤ ਕੀਤੀ





ਸਿਰਸਾ, 26 ਨਵੰਬਰ (ਆਵਾਜ਼ਿ ਕੌਮ ਬਿਊਰੋ)-ਡੇਰਾ ਬਿਆਸ ਦੇ ਮੁਖੀ ਬਾਬਾ ਗੁਰਿੰਦਰ ਸਿੰਘ ਢਿੱਲੋਂ ਜੀ ਨੇ ਅੱਜ 26 ਨਵੰਬਰ,2026 ਨੂੰ ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ, ਸਿਰਸਾ ਵਿਖੇ ਮੱਥਾ ਟੇਕਿਆ। ਇਸ ਮੌਕੇ ਉਨ੍ਹਾਂ ਨੇ ਗੁਰਦੁਆਰਾ ਸਾਹਿਬ ਵਿਖੇ ਮੱਥਾ ਟੇਕ ਕੇ ਗੁਰੂ ਘਰ ਦਾ ਆਸ਼ੀਰਵਾਦ ਪ੍ਰਾਪਤ ਕੀਤਾ ਅਤੇ ਇਸ ਪਵਿੱਤਰ ਸਥਾਨ ਦੇ ਮੁੱਖ ਸੇਵਾਦਾਰ ਅਤੇ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨਾਲ ਵਿਸ਼ੇਸ਼ ਮੁਲਾਕਾਤ ਕੀਤੀ। ਜਥੇਦਾਰ ਦਾਦੂਵਾਲ ਜੀ ਦੇ ਸਹਾਇਕ ਭਾਈ ਜਗਮੀਤ ਸਿੰਘ ਬਰਾੜ ਨੇ ਮੀਡੀਆ ਨਾਲ ਸਾਂਝਾ ਕੀਤਾ ਕਿ ਦੋਵਾਂ ਸ਼ਖਸੀਅਤਾਂ ਵਿੱਚ ਲੰਬੇ ਸਮੇਂ ਤੋਂ ਡੂੰਘਾ ਪਿਆਰ ਅਤੇ ਸਨੇਹ ਹੈ। ਇਹ ਮੁਲਾਕਾਤ ਇੱਕ ਸ਼ਿਸ਼ਟਾਚਾਰ ਮੁਲਾਕਾਤ ਸੀ। ਇਸ ਮੁਲਾਕਾਤ ਦੌਰਾਨ ਦੋਵਾਂ ਸ਼ਖਸੀਅਤਾਂ ਨੇ ਅਧਿਆਤਮਿਕ ਵਿਚਾਰਾਂ ਦਾ ਆਦਾਨ-ਪ੍ਰਦਾਨ ਕੀਤਾ ਅਤੇ ਧਾਰਮਿਕ ਅਤੇ ਸਮਾਜਿਕ ਮੁੱਦਿਆਂ 'ਤੇ ਬਹੁਤ ਹੀ ਸੁਹਿਰਦ ਅਤੇ ਸਤਿਕਾਰਯੋਗ ਮਾਹੌਲ ਵਿੱਚ ਚਰਚਾ ਕੀਤੀ। ਦੋਵਾਂ ਨੇ ਸਮਾਜ ਭਲਾਈ ਅਤੇ ਧਾਰਮਿਕ ਸੇਵਾ ਨਾਲ ਸਬੰਧਤ ਵੱਖ-ਵੱਖ ਵਿਸ਼ਿਆਂ 'ਤੇ ਆਪਣੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਬਾਬਾ ਗੁਰਿੰਦਰ ਸਿੰਘ ਜੀ ਦੇ ਦਰਸ਼ਨਾਂ ਅਤੇ ਸਵਾਗਤ ਲਈ ਵੱਡੀ ਗਿਣਤੀ ਵਿੱਚ ਸੰਗਤਾਂ ਗੁਰਦੁਆਰਾ ਸਾਹਿਬ ਵਿਖੇ ਇਕੱਠੀਆਂ ਹੋਈਆਂ ਸਨ। ਇਸ ਵਿਸ਼ੇਸ਼ ਮੁਲਾਕਾਤ ਲਈ ਸੰਗਤ ਬਹੁਤ ਉਤਸ਼ਾਹ ਅਤੇ ਸ਼ਰਧਾ ਨਾਲ ਭਰੀ ਹੋਈ ਸੀ। ਬਾਬਾ ਗੁਰਿੰਦਰ ਸਿੰਘ ਜੀ ਸ਼ਾਮ 4 ਵਜੇ ਦੇ ਕਰੀਬ ਆਪਣੇ ਵਿਸ਼ੇਸ਼ ਹੈਲੀਕਾਪਟਰ ਵਿੱਚ ਗੁਰਦੁਆਰਾ ਦਾਦੂ ਸਾਹਿਬ ਪਹੁੰਚੇ ਅਤੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨਾਲ ਲਗਭਗ ਇੱਕ ਘੰਟਾ ਬਿਤਾਇਆ। ਇਹ ਮੁਲਾਕਾਤ ਆਪਸੀ ਸਤਿਕਾਰ, ਪਿਆਰ ਅਤੇ ਗੁਰਮਤਿ ਦਰਸ਼ਨ ਦੀ ਸਾਂਝੀ ਪਰੰਪਰਾ ਦਾ ਇੱਕ ਸੁੰਦਰ ਪ੍ਰਤੀਕ ਸੀ। ਇਸ ਵਿਸ਼ੇਸ਼ ਮੁਲਾਕਾਤ ਦੀ ਧਾਰਮਿਕ ਅਤੇ ਰਾਜਨੀਤਿਕ ਹਲਕਿਆਂ ਦੇ ਨਾਲ-ਨਾਲ ਖੇਤਰ ਦੀਆਂ ਸੰਗਤਾਂ ਵਿੱਚ ਵਿਆਪਕ ਚਰਚਾ ਹੋ ਰਹੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਭਾਜਪਾ-ਅਕਾਲੀ ਦਲ ਦੇ ਗੱਠਜੋੜ ਦੀ ਖ਼ਬਰ ਨਾਲ ਰਾਮਾਂ ਮੰਡੀ ਵਿਖੇ ਖੁਸ਼ੀ ਦੀ ਲਹਿਰ

ਵਰਕਰਾਂ ਨੇ ਲੱਡੂ ਵੰਡ ਕੇ ਮਨਾਇਆ ਜਸ਼ਨ



ਤਲਵੰਡੀ ਸਾਬੋ, 26 ਨਵੰਬਰ (ਗੁਰਜੰਟ ਸਿੰਘ ਨਥੇਹਾ)- ਭਾਰਤੀ ਜਨਤਾ ਪਾਰਟੀ ਅਤੇ ਸ਼੍ਰੋਮਣੀ ਅਕਾਲੀ ਦਲ ਵਿਚਕਾਰ ਗੱਠਜੋੜ ਦੀ ਖ਼ਬਰ ਸਾਹਮਣੇ ਆਉਣ ਤੋਂ ਬਾਅਦ ਤਲਵੰਡੀ ਸਾਬੋ ਇਲਾਕੇ ਵਿੱਚ ਦੋਵਾਂ ਪਾਰਟੀਆਂ ਦੇ ਵਰਕਰਾਂ ਅੰਦਰ ਖੁਸ਼ੀ ਦੀ ਲਹਿਰ ਦੌੜ ਗਈ। ਗੱਠਜੋੜ ਦੀ ਖ਼ਬਰ ਮਿਲਦਿਆਂ ਹੀ ਦੋਵਾਂ ਪਾਰਟੀਆਂ ਦੇ ਵਰਕਰਾਂ ਨੇ ਰਾਮਾਂ ਮੰਡੀ ਵਿਖੇ ਇਕੱਠੇ ਹੋ ਕੇ ਆਪਣੀ ਖੁਸ਼ੀ ਦਾ ਇਜ਼ਹਾਰ ਕੀਤਾ। ਇਸ ਮੌਕੇ ਵਰਕਰਾਂ ਨੇ ਇੱਕ-ਦੂਜੇ ਦਾ ਮੂੰਹ ਲੱਡੂਆਂ ਨਾਲ ਮਿੱਠਾ ਕਰਵਾਇਆ ਅਤੇ ਪਟਾਕੇ ਚਲਾ ਕੇ ਜਸ਼ਨ ਮਨਾਇਆ। ਇਸ ਦੌਰਾਨ ਵਰਕਰਾਂ ਨੇ ਇੱਕ-ਦੂਜੇ ਨੂੰ ਵਧਾਈਆਂ ਵੀ ਦਿੱਤੀਆਂ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਤਲਵੰਡੀ ਸਾਬੋ ਹਲਕਾ ਇੰਚਾਰਜ ਰਵੀਪ੍ਰੀਤ ਸਿੰਘ ਸਿੱਧੂ ਅਤੇ ਭਾਜਪਾ ਦੇ ਸੀਨੀਅਰ ਆਗੂ ਤੇ ਬਠਿੰਡਾ ਦਿਹਾਤੀ ਦੇ ਮੀਤ ਪ੍ਰਧਾਨ ਨਵਜੋਤ ਸਿੰਘ ਗੁਣੀ ਨੇ ਕਿਹਾ ਕਿ ਭਾਜਪਾ ਅਤੇ ਅਕਾਲੀ ਦਲ ਦਾ ਇਕੱਠੇ ਹੋਣਾ ਪੰਜਾਬ ਦੀ ਰਾਜਨੀਤੀ ਵਿੱਚ ਅਹਿਮ ਮਹੱਤਤਾ ਰੱਖਦਾ ਹੈ। ਉਨ੍ਹਾਂ ਕਿਹਾ ਕਿ ਦੋਵਾਂ ਪਾਰਟੀਆਂ ਦੇ ਗੱਠਜੋੜ ਨਾਲ ਵਰਕਰਾਂ ਵਿੱਚ ਨਵਾਂ ਜੋਸ਼ ਅਤੇ ਉਤਸ਼ਾਹ ਪੈਦਾ ਹੋਵੇਗਾ ਅਤੇ ਦੋਵਾਂ ਪਾਰਟੀਆਂ ਦੇ ਆਗੂਆਂ ਤੇ ਵਰਕਰਾਂ ਨੂੰ ਮਿਲ ਕੇ ਕੰਮ ਕਰਨ ਦਾ ਮੌਕਾ ਮਿਲੇਗਾ ਉਨ੍ਹਾਂ ਕਿਹਾ ਕਿ ਦੋਵਾਂ ਪਾਰਟੀਆਂ ਦਾ ਪਹਿਲਾਂ ਵੀ ਪੰਜਾਬ ਦੀ ਰਾਜਨੀਤੀ ਵਿੱਚ ਅਹਿਮ ਸਥਾਨ ਰਿਹਾ ਹੈ ਅਤੇ ਦੋਵਾਂ ਪਾਰਟੀਆਂ ਦੇ ਵਰਕਰਾਂ ਵਿਚਕਾਰ ਲੰਮੇ ਸਮੇਂ ਤੋਂ ਆਪਸੀ ਸਾਂਝ ਅਤੇ ਤਾਲਮੇਲ ਰਿਹਾ ਹੈ। ਇਸ ਗੱਠਜੋੜ ਨਾਲ ਦੋਵਾਂ ਪਾਰਟੀਆਂ ਦੇ ਸੰਗਠਨ ਨੂੰ ਹੋਰ ਮਜ਼ਬੂਤੀ ਮਿਲਣ ਦੀ ਉਮੀਦ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਦੋਵਾਂ ਪਾਰਟੀਆਂ ਦੇ ਆਗੂ ਅਤੇ ਵਰਕਰ ਆਪਸੀ ਤਾਲਮੇਲ ਨਾਲ ਕੰਮ ਕਰਨਗੇ, ਜਿਸ ਨਾਲ ਪਾਰਟੀ ਦੀਆਂ ਗਤੀਵਿਧੀਆਂ ਨੂੰ ਵੀ ਨਵੀਂ ਦਿਸ਼ਾ ਮਿਲੇਗੀ। ਇਸ ਮੌਕੇ ਇਕੱਠੇ ਹੋਏ ਵਰਕਰਾਂ ਨੇ ਗੱਠਜੋੜ ਦੇ ਫੈਸਲੇ ਦਾ ਸਵਾਗਤ ਕਰਦਿਆਂ ਕਿਹਾ ਕਿ ਦੋਵਾਂ ਪਾਰਟੀਆਂ ਦੀ ਸਾਂਝ ਪੰਜਾਬ ਦੇ ਹਿੱਤਾਂ ਲਈ ਲਾਹੇਵੰਦ ਸਾਬਤ ਹੋਵੇਗੀ। ਰਾਮਾਂ ਮੰਡੀ ਵਿਖੇ ਗੱਠਜੋੜ ਦੀ ਖ਼ਬਰ ਨੂੰ ਲੈ ਕੇ ਵਰਕਰਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ ਅਤੇ ਉਨ੍ਹਾਂ ਨੇ ਇਸ ਨੂੰ ਦੋਵਾਂ ਪਾਰਟੀਆਂ ਲਈ ਨਵੀਂ ਸ਼ੁਰੂਆਤ ਦੱਸਿਆ। ਇਸ ਮੌਕੇ ਸਰਕਲ ਪ੍ਰਧਾਨ ਜਸਵਿੰਦਰ ਸਿੰਘ ਜੈਲਦਾਰ ਜਗਾ, ਹਰਤਾਬਲ ਸਿੰਘ ਸੁੱਖੀ, ਸੁਖਵਿੰਦਰ ਸਿੰਘ ਗੁਣੀ ਅਤੇ ਭਾਜਪਾ ਦੇ ਸੀਨੀਅਰ ਆਗੂ ਤੇ ਬਠਿੰਡਾ ਦਿਹਾਤੀ ਦੇ ਮੀਤ ਪ੍ਰਧਾਨ ਨਵਜੋਤ ਸਿੰਘ ਗੁਣੀ ਸਮੇਤ ਦੋਵਾਂ ਪਾਰਟੀਆਂ ਦੇ ਹੋਰ ਵਰਕਰ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਰਵੀਪ੍ਰੀਤ ਸਿੰਘ ਸਿੱਧੂ ਅਤੇ ਨਵਜੋਤ ਸਿੰਘ ਗੁਣੀ ਨੇ ਗੱਠਜੋੜ ਨੂੰ ਪੰਜਾਬ ਦੀ ਰਾਜਨੀਤੀ ਲਈ ਦੱਸਿਆ ਅਹਿਮ ਕਦਮ, ਕਿਹਾ- ਦੋਵਾਂ ਪਾਰਟੀਆਂ ਦੇ ਸੰਗਠਨ ਨੂੰ ਮਿਲੇਗੀ ਮਜ਼ਬੂਤੀ

ਐੱਸ.ਐੱਮ.ਓ. ਡਾਕਟਰ ਰਵੀ ਕਾਂਤ ਗੁਪਤਾ ਵੱਲੋਂ ਨਵ-ਨਿਯੁਕਤ ਐੱਸ.ਡੀ.ਐੱਮ. ਰੁਪਾਲੀ ਟੰਡਨ ਦਾ ਨਿੱਘਾ ਸਵਾਗਤ, ਕੀਤਾ ਸਨਮਾਨ

ਇਲਾਕੇ ਵਿੱਚ ਬਿਹਤਰ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਅਤੇ ਲੋਕ ਭਲਾਈ ਦੇ ਕਾਰਜਾਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਸਬੰਧੀ ਹੋਈ ਵਿਚਾਰ-ਚਰਚਾ



ਤਲਵੰਡੀ ਸਾਬੋ, 26 ਨਵੰਬਰ (ਗੁਰਜੰਟ ਸਿੰਘ ਨਥੇਹਾ)- ਬਾਬਾ ਦੀਪ ਸਿੰਘ ਸਿਵਲ ਹਸਪਤਾਲ ਤਲਵੰਡੀ ਸਾਬੋ ਦੇ ਸੀਨੀਅਰ ਮੈਡੀਕਲ ਅਫਸਰ ਡਾਕਟਰ ਰਵੀ ਕਾਂਤ ਗੁਪਤਾ ਵੱਲੋਂ ਤਲਵੰਡੀ ਸਾਬੋ ਦੀ ਨਵ-ਨਿਯੁਕਤ ਉਪ ਮੰਡਲ ਮੈਜਿਸਟ੍ਰੇਟ ਮੈਡਮ ਸ੍ਰੀਮਤੀ ਰੁਪਾਲੀ ਟੰਡਨ ਦਾ ਨਿੱਘਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਦਿਲੋਂ ਮੁਬਾਰਕਬਾਦ ਦਿੱਤੀ ਗਈ ਅਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਡਾਕਟਰ ਰਵੀ ਕਾਂਤ ਗੁਪਤਾ ਨੇ ਨਵ-ਨਿਯੁਕਤ ਐੱਸ.ਡੀ.ਐੱਮ. ਮੈਡਮ ਰੁਪਾਲੀ ਟੰਡਨ ਨੂੰ ਉਨ੍ਹਾਂ ਦੀ ਨਵੀਂ ਜ਼ਿੰਮੇਵਾਰੀ ਸੰਭਾਲਣ 'ਤੇ ਸ਼ੁਭਕਾਮਨਾਵਾਂ ਦਿੰਦਿਆਂ ਉਮੀਦ ਪ੍ਰਗਟਾਈ ਕਿ ਉਨ੍ਹਾਂ ਦੀ ਅਗਵਾਈ ਹੇਠ ਤਲਵੰਡੀ ਸਾਬੋ ਸਬ-ਡਵੀਜ਼ਨ ਵਿੱਚ ਪ੍ਰਸ਼ਾਸਨਿਕ ਕੰਮਕਾਜ ਦੇ ਨਾਲ-ਨਾਲ ਲੋਕ ਭਲਾਈ ਦੇ ਕਾਰਜਾਂ ਨੂੰ ਵੀ ਹੋਰ ਮਜ਼ਬੂਤੀ ਮਿਲੇਗੀ। ਇਸ ਦੌਰਾਨ ਦੋਵਾਂ ਅਧਿਕਾਰੀਆਂ ਵਿਚਕਾਰ ਇਲਾਕੇ ਦੇ ਲੋਕਾਂ ਨੂੰ ਬਿਹਤਰ, ਸੁਚਾਰੂ ਅਤੇ ਮਿਆਰੀ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਸਬੰਧੀ ਵਿਚਾਰ-ਵਟਾਂਦਰਾ ਵੀ ਕੀਤਾ ਗਿਆ। ਡਾਕਟਰ ਰਵੀ ਕਾਂਤ ਗੁਪਤਾ ਨੇ ਸਿਹਤ ਵਿਭਾਗ ਵੱਲੋਂ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਸਿਹਤ ਸਹੂਲਤਾਂ ਅਤੇ ਭਵਿੱਖ ਵਿੱਚ ਸਿਹਤ ਸੇਵਾਵਾਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਸਾਂਝੇ ਯਤਨਾਂ ਦੀ ਮਹੱਤਤਾ ਬਾਰੇ ਗੱਲਬਾਤ ਕੀਤੀ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣਾ ਸਾਰੀਆਂ ਸਬੰਧਤ ਸੰਸਥਾਵਾਂ ਅਤੇ ਵਿਭਾਗਾਂ ਦੀ ਸਾਂਝੀ ਜ਼ਿੰਮੇਵਾਰੀ ਹੈ। ਪ੍ਰਸ਼ਾਸਨ ਅਤੇ ਸਿਹਤ ਵਿਭਾਗ ਦੇ ਆਪਸੀ ਤਾਲਮੇਲ ਨਾਲ ਲੋਕਾਂ ਦੀਆਂ ਸਿਹਤ ਸਬੰਧੀ ਲੋੜਾਂ ਨੂੰ ਹੋਰ ਬਿਹਤਰ ਢੰਗ ਨਾਲ ਪੂਰਾ ਕੀਤਾ ਜਾ ਸਕਦਾ ਹੈ।ਅੰਤ ਵਿੱਚ ਡਾਕਟਰ ਰਵੀ ਕਾਂਤ ਗੁਪਤਾ ਵੱਲੋਂ ਮੈਡਮ ਰੁਪਾਲੀ ਟੰਡਨ ਨੂੰ ਨਵੀਂ ਜ਼ਿੰਮੇਵਾਰੀ ਲਈ ਇੱਕ ਵਾਰ ਫਿਰ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ ਅਤੇ ਆਸ ਪ੍ਰਗਟਾਈ ਗਈ ਕਿ ਉਨ੍ਹਾਂ ਦੇ ਕਾਰਜਕਾਲ ਦੌਰਾਨ ਤਲਵੰਡੀ ਸਾਬੋ ਦੇ ਵਿਕਾਸ, ਪ੍ਰਸ਼ਾਸਨਿਕ ਸੁਧਾਰਾਂ ਅਤੇ ਲੋਕ ਭਲਾਈ ਦੇ ਕੰਮਾਂ ਨੂੰ ਨਵੀਂ ਦਿਸ਼ਾ ਮਿਲੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

ਹਲਕਾ ਵਿਧਾਇਕਾ ਪ੍ਰੋ. ਬਲਜਿੰਦਰ ਕੌਰ ਨੇ ਨਵ ਨਿਯੁਕਤ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਨਿਯੁਕਤੀ ਪੱਤਰ ਸੌਂਪੇ

ਮਾਵਾਂ ਧੀਆਂ ਸਤਿਕਾਰਯੋਗ ਯੋਜਨਾ ਤਹਿਤ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਸਨਮਾਨ ਪੱਤਰਾਂ ਨਾਲ ਕੀਤਾ ਸਨਮਾਨਿਤ



ਤਲਵੰਡੀ ਸਾਬੋ 26 ਨਵੰਬਰ (ਗੁਰਜੰਟ ਸਿੰਘ ਨਥੇਹਾ)- ਹਲਕਾ ਵਿਧਾਇਕਾ ਪ੍ਰੋਫੈਸਰ ਬਲਜਿੰਦਰ ਕੌਰ ਅਤੇ ਸੀਡੀਪੀਓ ਮੈਡਮ ਜੋਤੀ ਕਾਲੜਾ ਨੇ ਸਥਾਨਕ ਯਾਦਵਿੰਦਰਾ ਇੰਜੀਨੀਅਰਿੰਗ ਕਾਲਜ ਦੇ ਹਾਲ ਵਿੱਚ ਹੋਏ ਇੱਕ ਸਮਾਗਮ ਦੌਰਾਨ ਜਿੱਥੇ ਮਾਵਾਂ.ਧੀਆਂ ਸਤਿਕਾਰਯੋਗ ਯੋਜਨਾ ਤਹਿਤ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਸਨਮਾਨ ਪੱਤਰਾਂ ਨਾਲ ਸਨਮਾਨਿਤ ਕੀਤਾ ਉੱਥੇ ਬਲਾਕ ਤਲਵੰਡੀ ਸਾਬੋ ਦੇ ਵੱਖ.ਵੱਖ ਪਿੰਡਾਂ ਵਿੱਚ ਨਵ ਨਿਯੁਕਤ 12 ਆਂਗਣਵਾੜੀ ਵਰਕਰਾਂ ਅਤੇ 26 ਹੈਲਪਰਾਂ ਨੂੰ ਨਿਯੁਕਤੀ ਪੱਤਰ ਸੌਂਪੇ।ਇਸ ਮੌਕੇ ਉਨ੍ਹਾਂ ਨਵ ਨਿਯੁਕਤ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਵਧਾਈ ਦਿੱਤੀ। ਉਨ੍ਹਾਂ ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ ਹਲਕੇ ਦੀਆਂ ਔਰਤਾਂ ਦੇ ਫਾਰਮ ਆਨਲਾਈਨ ਕਰਨ ਵਾਲੀਆਂ ਆਂਗਣਵਾੜੀ ਵਰਕਰਾਂ ਦੀ ਵੀ ਸ਼ਲਾਘਾ ਕੀਤੀ ਤੇ ਉਨ੍ਹਾਂ ਨੂੰ ਸਨਮਾਨ ਪੱਤਰ ਵੰਡੇ। ਦੂਜੇ ਪਾਸੇ ਨਵ ਨਿਯੁਕਤ ਆਂਗਣਵਾੜੀ ਵਰਕਰਾਂ ਗੁਰਪ੍ਰੀਤ ਕੌਰ ਗੋਲੇਵਾਲਾ, ਮਨਪ੍ਰੀਤ ਕੌਰ ਬਹਿਮਣ ਕੌਰ ਸਿੰਘ, ਸਮੀਨਾ ਨਥੇਹਾ, ਸ਼ੁਵਿੰਦਰਜੀਤ ਕੌਰ ਜੱਜਲ, ਲਵਪ੍ਰੀਤ ਕੌਰ ਕਲਾਲਵਾਲਾ ਤੇ ਹੈਲਪਰਾਂ ਨੇ ਪੰਜਾਬ ਸਰਕਾਰ ਅਤੇ ਹਲਕਾ ਵਿਧਾਇਕਾ ਪ੍ਰੋਫੈਸਰ ਬਲਜਿੰਦਰ ਕੌਰ ਦਾ ਧੰਨਵਾਦ ਕੀਤਾ।ਇਸ ਮੌਕੇ ਸਰਕਲ ਸੁਪਰਵਾਈਜ਼ਰ ਪਰਮਪਾਲ ਕੌਰ, ਸੁਖਪਾਲ ਕੌਰ, ਅਮਨਦੀਪ ਕੌਰ, ਸਿਮਰਜੀਤ ਕੌਰ, ਮਨਵੀਨ ਕੌਰ, ਅਨਸ਼ਾਮ ਸ਼ਰਮਾ ਸੀਨੀ. ਸਹਾਇਕ, ਕਮਲਜੀਤ ਸਿੰਘ ਕਲਰਕ ਸਮੇਤ ਸੁਪਰਵਾਈਜ਼ਰਾਂ, ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਬਰਤਾਨੀਆ ਸੰਸਦ 'ਚ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਰੌਣਕਾਂ

ਸਿੱਖ ਪੰਥ ਦੀਆਂ ਉੱਘੀਆਂ ਸ਼ਖ਼ਸੀਅਤਾਂ ਦਾ ਵਿਸ਼ੇਸ਼ ਸਨਮਾਨ



ਲੰਡਨ, 26 ਨਵੰਬਰ (ਸਰਬਜੀਤ ਸਿੰਘ ਬਨੂੜ)-ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਸਮਾਗਮ ਬਰਤਾਨੀਆ ਸੰਸਦ ਵਿਖੇ ਕਰਵਾਇਆ ਗਿਆ, ਜਿਸ ਵਿੱਚ ਐਮ ਪੀਜ਼ ਤੋਂ ਇਲਾਵਾ ਸਮੁੱਚੇ ਯੂ.ਕੇ. ਦੇ ਵੱਖ-ਵੱਖ ਹਿੱਸਿਆਂ ਤੋਂ ਪਹੁੰਚੀਆਂ ਸਿੱਖ ਸੰਗਤਾਂ ਨੇ ਸ਼ਮੂਲੀਅਤ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

ਸਮਾਗਮ ਦੌਰਾਨ ਐਮ ਪੀ ਜਸ ਅਠਵਾਲ, ਪ੍ਰੀਤ ਕੌਰ ਗਿੱਲ, ਡਾ. ਲੌਰੇਨ ਸੁਲੀਵਨ, ਗੁਰਿੰਦਰ ਸਿੰਘ ਜੋਸਨ, ਮੈਟ ਵੈਸਟਰਨ ਅਤੇ ਜੈਨ ਮੈਕਡੋਨਲ ਨੇ ਸੰਬੋਧਨ ਕੀਤਾ। ਸਿੱਖ ਭਾਈਚਾਰੇ ਵੱਲੋਂ ਅਮਨਦੀਪ ਸਿੰਘ, ਦਵਿੰਦਰਜੀਤ ਸਿੰਘ ਸਿੱਧੂ, ਜਸ ਸਿੰਘ ਅਤੇ ਮਨਕਮਲ ਸਿੰਘ ਨੇ ਆਪਣੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਵੱਖ-ਵੱਖ ਖੇਤਰਾਂ ਵਿੱਚ ਸ਼ਲਾਘਾਯੋਗ ਸੇਵਾਵਾਂ ਨਿਭਾਉਣ ਵਾਲੀਆਂ ਸ਼ਖ਼ਸੀਅਤਾਂ ਅਤੇ ਸੰਸਥਾਵਾਂ ਨੂੰ 10 ਸ਼੍ਰੋਣੀਆਂ ਤਹਿਤ ਵਿਸ਼ੇਸ਼ ਸਨਮਾਨ ਦਿੱਤੇ ਗਏ ਜਿਸ ਵਿੱਚ ਰਾਜਨੀਤਕ ਖੇਤਰ ਵਿੱਚ ਪਾਏ ਯੋਗਦਾਨ ਲਈ ਬ੍ਰਿਟਿਸ਼ ਸੰਸਦ ਮੈਂਬਰ ਸਤਵੀਰ ਕੌਰ, ਖੇਡਾਂ ਦੇ ਖੇਤਰ ਵਿੱਚ ਮੁੱਕੇਬਾਜ਼ ਗੁਲਰਾਜ ਸਿੰਘ ਪਵਾਰ (ਗੁੱਲੀ ਪਵਾਰ), ਸਿੱਖਿਆ ਦੇ ਖੇਤਰ ਵਿੱਚ ਸਿੱਖ ਮਿਊਜ਼ੀਅਮ ਇਨੀਸ਼ੀਏਟਿਵ ਅਤੇ ਕਾਰੋਬਾਰੀ ਖੇਤਰ ਵਿੱਚ ਏਸ਼ੀਅਨ ਵਿਮੈਨ ਮੀਨ ਬਿਜ਼ਨਸ ਦੀ ਸੰਸਥਾਪਕ ਰੁਪਿੰਦਰ ਕੌਰ ਨੂੰ ਸਨਮਾਨਿਤ ਕੀਤਾ ਗਿਆ। ਇਸੇ ਤਰ੍ਹਾਂ ਮੀਡੀਆ ਦੇ ਖੇਤਰ ਵਿੱਚ ਜਤਿੰਦਰ ਸਿੰਘ ਹੇਅਰ ਅਤੇ ਮਰਹੂਮ ਜਸਬੀਰ ਸਿੰਘ ਹੇਅਰ (ਕ੍ਰੇ ਟਵਿਨਜ਼), ਮਨੁੱਖੀ ਅਧਿਕਾਰਾਂ ਦੇ ਖੇਤਰ ਵਿੱਚ ਬਾਕੂ ਇਨੀਸ਼ੀਏਟਿਵ ਗਰੁੱਪ, ਨਿਸ਼ਕਾਮ ਸੇਵਾ ਅਤੇ ਲੋਕ ਭਲਾਈ ਲਈ ਮਨਜਿੰਦਰ ਸਿੰਘ 'ਮੈਨੀ' ਕੰਗ ਬੀ.ਈ.ਐੱਮ. ਅਤੇ ਵਿਸ਼ੇਸ਼ ਸੰਸਥਾ ਵਜੋਂ ਦੇਗ ਤੇਗ ਫ਼ਤਹਿ (ਡੀ.ਟੀ.ਐੱਫ. ਬੁੱਕਸ) ਨੂੰ ਸਨਮਾਨ ਦਿੱਤਾ ਗਿਆ। ਸਮਾਗਮ ਦੌਰਾਨ ਪੰਜਾਬ ਦੇ ਨਸ਼ਾ ਵਿਰੋਧੀ ਕਾਰਕੁਨ ਭਾਈ ਪਰਵਿੰਦਰ ਸਿੰਘ ਝੋਟਾ ਨੂੰ ਅੰਤਰਰਾਸ਼ਟਰੀ ਪੱਧਰ 'ਤੇ ਵਿਸ਼ੇਸ਼ ਯੋਗਦਾਨ ਲਈ ਮਰਨ ਉਪਰੰਤ ਸਨਮਾਨਿਤ ਕੀਤਾ ਗਿਆ, ਜਦਕਿ ਮਨੁੱਖੀ ਅਧਿਕਾਰਾਂ ਦੇ ਖੇਤਰ ਵਿੱਚ ਲੰਮੇ ਸਮੇਂ ਤੋਂ ਕਾਨੂੰਨੀ ਸੇਵਾਵਾਂ ਨਿਭਾਉਂਦੇ ਆ ਰਹੇ ਉੱਘੇ ਵਕੀਲ ਐਡਵੋਕੇਟ ਜਸਪਾਲ ਸਿੰਘ ਮੰਝਪੁਰ ਨੂੰ 'ਲਾਈਫਟਾਈਮ ਅਚੀਵਮੈਂਟ ਐਵਾਰਡ' ਨਾਲ ਨਿਵਾਜਿਆ ਗਿਆ। ਇਸ ਸਾਲਾਨਾ ਸਮਾਗਮ ਦੀ ਵਿਸ਼ੇਸ਼ਤਾ ਇਹ ਰਹੀ ਕਿ ਸਮਾਗਮ ਵਿੱਚ ਅੱਧੀ ਗਿਣਤੀ ਔਰਤਾਂ ਦੀ ਸੀ। ਸਿੱਖ ਫੈਡਰੇਸ਼ਨ ਯੂ.ਕੇ. ਦੇ ਸੀਨੀਅਰ ਆਗੂ ਸ. ਦਵਿੰਦਰਜੀਤ ਸਿੰਘ ਸਿੱਧੂ ਨੇ ਸਮਾਗਮ ਵਿੱਚ ਬ੍ਰਿਟਿਸ਼ ਸੰਸਦ ਮੈਂਬਰਾਂ ਸਮੇਤ ਸਮੁੱਚੇ ਯੂ.ਕੇ. ਤੋਂ ਪਹੁੰਚੀਆਂ ਸਿੱਖ ਸੰਗਤਾਂ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ।



ਭਾਈ ਪਰਵਿੰਦਰ ਸਿੰਘ ਝੋਟਾ ਨੂੰ ਮਰਨ ਉਪਰੰਤ ਤੇ ਐਡਵੋਕੇਟ ਜਸਪਾਲ ਸਿੰਘ ਮੰਝਪੁਰ ਨੂੰ ਜੀਵਨ ਭਰ ਦੀਆਂ ਸੇਵਾਵਾਂ ਬਦਲੇ ਐਵਾਰਡ

ਜਥੇਦਾਰ ਦਾਦੂਵਾਲ ਜੀ ਨਾਲ ਕੀਤੀ ਵਿਸ਼ੇਸ਼ ਮੁਲਾਕਾਤ



ਗੁਰਦੁਆਰਾ ਦਾਦੂ ਸਾਹਿਬ ਵਿਖੇ ਬਿਆਸ ਡੇਰਾ ਮੁਖੀ ਬਾਬਾ ਗੁਰਿੰਦਰ ਸਿੰਘ ਜੀ ਨੇ ਟੇਕਿਆ ਮੱਥਾ ਅਤੇ ਜਥੇਦਾਰ ਦਾਦੂਵਾਲ ਜੀ ਨਾਲ ਕੀਤੀ ਵਿਸ਼ੇਸ਼ ਮੁਲਾਕਾਤ।

ਜਨਗਣਨਾ 2027 ਸਬੰਧੀ ਜਾਗਰੂਕਤਾ ਫੈਲਾਉਣ ਲਈ 27 ਨਵੰਬਰ ਨੂੰ ਅੰਮ੍ਰਿਤਸਰ ਵਿਖੇ ਹੋਵੇਗੀ ਮੈਰਾਥਨ

ਅੰਮ੍ਰਿਤਸਰ, 26 ਨਵੰਬਰ (ਆਵਾਜ਼ਿ ਕੌਮ ਬਿਊਰੋ)- ਜਨਗਣਨਾ 2027 ਸਬੰਧੀ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨ ਅਤੇ ਇਸ ਮਹੱਤਵਪੂਰਨ ਰਾਸ਼ਟਰੀ ਕਾਰਜ ਵਿੱਚ ਵੱਧ ਤੋਂ ਵੱਧ ਲੋਕਾਂ ਦੀ ਭਾਗੀਦਾਰੀ ਯਕੀਨੀ ਬਣਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜਨਗਣਨਾ ਵਿਭਾਗ ਦੇ ਸਹਿਯੋਗ ਨਾਲ 27 ਨਵੰਬਰ 2026 ਨੂੰ ਸਵੇਰੇ 8 ਵਜੇ ਅੰਮ੍ਰਿਤਸਰ ਸ਼ਹਿਰ ਵਿਖੇ ਮੈਰਾਥਨ ਕਰਵਾਈ ਜਾਵੇਗੀ। ਇਸ ਮੌਕੇ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀ ਦਲਵਿੰਦਰਜੀਤ ਸਿੰਘ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ ਅਤੇ ਸਮਾਗਮ ਦੀ ਪ੍ਰਧਾਨਗੀ ਕਰਨਗੇ। ਇਸ ਤੋਂ ਇਲਾਵਾ ਸਮੂਹ ਚਾਰਜ ਅਧਿਕਾਰੀ, ਉਪ ਮੰਡਲ ਮੈਜਿਸਟ੍ਰੇਟ (ਐਸ.ਡੀ.ਐਮਜ਼) ਅਤੇ ਜਨਗਣਨਾ ਦੇ ਕੰਮ ਨਾਲ ਜੁੜਿਆ ਸਮੂਹ ਸਟਾਫ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਵਧੀਕ ਡਿਪਟੀ ਕਮਿਸ਼ਨਰ ਜਨਰਲ ਸ਼੍ਰੀਮਤੀ ਪਲਵੀ ਮਿਸ਼ਰਾ ਨੇ ਦੱਸਿਆ ਕਿ ਇਹ ਮੈਰਾਥਨ 27 ਨਵੰਬਰ 2020 ਨੂੰ ਸਵੇਰੇ 8:00 ਵਜੇ ਗੁਰੂ ਨਾਨਕ ਸਟੇਡੀਅਮ, ਅੰਮ੍ਰਿਤਸਰ ਤੋਂ ਸ਼ੁਰੂ ਹੋਵੇਗੀ ਜੋ ਨਾਵਲਟੀ ਚੌਕ ਤੋਂ ਨਰੂਲਾ ਪੈਲਸ ਲਾਈਟਸ, ਟੇਲਰ ਰੋਡ ਰਾਹੀਂ ਕਰੀਬ ਤਿੰਨ ਕਿਲੋਮੀਟਰ ਲੰਮਾ ਫਾਸਲਾ ਤਹਿ ਕਰਦੀ ਹੋਈ ਅਲੈਗਜੈਂਡਰਾ ਸਕੂਲ ਤੋਂ ਅਥਲੈਟਿਕਸ ਟਰੈਕ ਰਾਹੀਂ ਗੁਰੂ ਨਾਨਕ ਸਟੇਡੀਅਮ ਅੰਮ੍ਰਿਤਸਰ ਵਿਖੇ ਪਹੁੰਚ ਕੇ ਸਮਾਪਤ ਹੋਵੇਗੀ। ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ਼੍ਰੀਮਤੀ ਪੱਲਵੀ ਮਿਸ਼ਰਾ ਨੇ ਦੱਸਿਆ ਕਿ ਇਸ ਮੈਰਾਥਨ ਦਾ ਮੁੱਖ ਉਦੇਸ਼ ਲੋਕਾਂ ਨੂੰ ਸਵੈ-ਗਣਨਾ ਅਤੇ ਆਬਾਦੀ ਗਣਨਾ ਦੀ ਮਹੱਤਤਾ ਬਾਰੇ ਜਾਗਰੂਕ ਕਰਨਾ ਅਤੇ ਜਨਗਣਨਾ ਦੀ ਪ੍ਰਕਿਰਿਆ ਵਿੱਚ ਸਰਗਰਮ ਭਾਗੀਦਾਰੀ ਲਈ ਪ੍ਰੇਰਿਤ ਕਰਨਾ ਹੈ। ਉਨ੍ਹਾਂ ਦੱਸਿਆ ਕਿ ਮੈਰਾਥਨ ਵਿੱਚ ਸਕੂਲੀ ਵਿਦਿਆਰਥੀਆਂ ਤੋਂ ਇਲਾਵਾ ਸ਼ਹਿਰ ਵਾਸੀ ਵੀ ਉਤਸ਼ਾਹ ਨਾਲ ਭਾਗ ਲੈਣਗੇ ਅਤੇ ਜਨਗਣਨਾ 2027 ਸਬੰਧੀ ਜਾਗਰੂਕਤਾ ਦਾ ਸੰਦੇਸ਼ ਆਮ ਲੋਕਾਂ ਤੱਕ ਪਹੁੰਚਾਉਣਗੇ। ਵਿਦਿਆਰਥੀਆਂ ਰਾਹੀਂ ਲੋਕਾਂ ਨੂੰ ਆਨਲਾਈਨ ਸਵੈ-ਗਣਨਾ ਦੀ ਸਹੂਲਤ ਦਾ ਲਾਭ ਉਠਾਉਣ ਅਤੇ ਆਬਾਦੀ ਗਣਨਾ ਦੌਰਾਨ ਜਨਗਣਨਾ ਅਧਿਕਾਰੀਆਂ ਨੂੰ ਪੂਰਾ ਸਹਿਯੋਗ ਦੇਣ ਲਈ ਪ੍ਰੇਰਿਤ ਕੀਤਾ ਜਾਵੇਗਾ। ਇਸ ਮੌਕੇ ਜਨਗਣਨਾ ਅੰਮ੍ਰਿਤਸਰ ਦੇ ਮਾਸਟਰ ਟ੍ਰੇਨਰ ਸ੍ਰੀ ਰਾਜਵਿੰਦਰ ਸਿੰਘ ਵੱਲੋਂ ਜਨਗਣਨਾ 2027, ਸਵੈ-ਗਣਨਾ ਦੀ ਪ੍ਰਕਿਰਿਆ, ਇਸ ਦੀ ਮਹੱਤਤਾ ਅਤੇ ਆਬਾਦੀ ਗਣਨਾ ਦੌਰਾਨ ਨਾਗਰਿਕਾਂ ਦੀ ਭੂਮਿਕਾ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਜਾਵੇਗੀ। ਜ਼ਿਲ੍ਹਾ ਪ੍ਰਸ਼ਾਸਨ ਨੇ ਸਮੂਹ ਨਾਗਰਿਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਇਸ ਮੈਰਾਥਨ ਅਤੇ ਜਨਗਣਨਾ 2027 ਜਾਗਰੂਕਤਾ ਮੁਹਿੰਮ ਵਿੱਚ ਵੱਧ ਤੋਂ ਵੱਧ ਸਹਿਯੋਗ ਦੇਣ ਅਤੇ ਇਸ ਮਹੱਤਵਪੂਰਨ ਰਾਸ਼ਟਰੀ ਕਾਰਜ ਨੂੰ ਸਫਲ ਬਣਾਉਣ ਵਿੱਚ ਆਪਣਾ ਯੋਗਦਾਨ ਪਾਉਣ।

ਸ਼੍ਰੋਮਣੀ ਕਮੇਟੀ ਵੱਲੋਂ ਮਾਤਾ ਗੁਜਰੀ ਕਾਲਜ ਕਰਤਾਰਪੁਰ (ਜਲੰਧਰ) ਵਿਖੇ 'ਭਗਤ ਰਵਿਦਾਸ ਜੀ : ਜੀਵਨ ਦਰਸ਼ਨ' ਵਿਸ਼ੇ 'ਤੇ ਕਰਵਾਇਆ ਸੈਮੀਨਾਰ



ਸੈਮੀਨਾਰ ਦੌਰਾਨ ਬੁਲਾਰਿਆਂ ਨੇ ਭਗਤ ਰਵਿਦਾਸ ਜੀ ਦੀ ਵਿਚਾਰਧਾਰਾ, ਬਾਣੀ ਦੇ ਫ਼ਲਸਫ਼ੇ ਅਤੇ ਮਨੁੱਖਤਾ ਨੂੰ ਦਿੱਤੇ ਸਰਬਸਾਂਝੇ ਸੰਦੇਸ਼ ਬਾਰੇ ਕੀਤੀਆਂ ਵਿਚਾਰਾਂ


ਕਰਤਾਰਪੁਰ, ਅੰਮ੍ਰਿਤਸਰ, 26 ਨਵੰਬਰ (ਆਵਾਜ਼ਿ ਕੌਮ ਬਿਊਰੋ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਗਤ ਰਵਿਦਾਸ ਜੀ ਦੀ 650 ਸਾਲਾ ਜਨਮ ਸ਼ਤਾਬਦੀ ਨੂੰ ਸਮਰਪਿਤ ਕਰਵਾਏ ਜਾ ਰਹੇ ਵਿਸ਼ੇਸ਼ ਸੈਮੀਨਾਰਾਂ ਦੀ ਲੜੀ ਤਹਿਤ ਅੱਜ ਮਾਤਾ ਗੁਜਰੀ ਜੀ ਕਾਲਜ, ਕਰਤਾਰਪੁਰ (ਜਲੰਧਰ) ਵਿਖੇ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ। ਇਸ ਸੈਮੀਨਾਰ ਦਾ ਵਿਸ਼ਾ 'ਭਗਤ ਰਵਿਦਾਸ ਜੀ: ਜੀਵਨ ਦਰਸ਼ਨ' ਸੀ। ਸੈਮੀਨਾਰ ਮੌਕੇ ਭਗਤ ਰਵਿਦਾਸ ਜੀ ਦੇ ਜੀਵਨ, ਉਨ੍ਹਾਂ ਦੀ ਅਧਿਆਤਮਿਕ ਵਿਚਾਰਧਾਰਾ, ਬਾਣੀ ਦੇ ਫ਼ਲਸਫ਼ੇ ਅਤੇ ਮਨੁੱਖਤਾ ਨੂੰ ਦਿੱਤੇ ਸਰਬਸਾਂਝੇ ਸੰਦੇਸ਼ ਬਾਰੇ ਵਿਦਵਾਨਾਂ ਵੱਲੋਂ ਵਿਚਾਰ ਸਾਂਝੇ ਕੀਤੇ ਗਏ। ਸੈਮੀਨਾਰ ਦੀ ਪ੍ਰਧਾਨਗੀ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਭਾਈ ਗੁਰਬਖ਼ਸ਼ ਸਿੰਘ ਖ਼ਾਲਸਾ ਵੱਲੋਂ ਕੀਤੀ ਗਈ, ਕੁੰਜੀਵੰਤ ਭਾਸ਼ਣ ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਹਰਜਿੰਦਰ ਕੌਰ ਦੁਆਰਾ ਕੀਤਾ ਗਿਆ ਅਤੇ ਸਿੱਖ ਵਿਦਵਾਨ ਡਾ. ਸਿਕੰਦਰ ਸਿੰਘ ਤੇ ਡਾ. ਕੰਵਲਜੀਤ ਸਿੰਘ ਵੱਲੋਂ ਖੋਜ ਭਰਪੂਰ ਪਰਚੇ ਪੜ੍ਹੇ ਗਏ। ਸੈਮੀਨਾਰ ਦੌਰਾਨ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਭਾਈ ਗੁਰਬਖ਼ਸ਼ ਸਿੰਘ ਖ਼ਾਲਸਾ ਨੇ ਕਿਹਾ ਕਿ ਭਗਤ ਰਵਿਦਾਸ ਜੀ ਦੀ ਵਿਚਾਰਧਾਰਾ ਸਮੁੱਚੀ ਮਨੁੱਖਤਾ ਨੂੰ ਬਰਾਬਰਤਾ ਅਤੇ ਸਾਂਝੀਵਾਲਤਾ ਦਾ ਸੰਦੇਸ਼ ਦਿੰਦੀ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿਚ ਦਰਜ 15 ਭਗਤ ਸਾਹਿਬਾਨ ਦੀ ਬਾਣੀ ਸਿੱਖ ਧਰਮ ਦੀ ਸਰਬਸਾਂਝੀਵਾਲਤਾ ਅਤੇ ਵਿਸ਼ਾਲ ਅਧਿਆਤਮਿਕ ਸੋਚ ਦਾ ਪ੍ਰਤੀਕ ਹੈ। ਸਿੱਖਾਂ ਦੇ ਮਨਾਂ ਵਿਚ ਭਗਤ ਸਾਹਿਬਾਨ ਪ੍ਰਤੀ ਵੀ ਉਹੀ ਸ਼ਰਧਾ ਅਤੇ ਸਤਿਕਾਰ ਹੈ, ਜੋ ਗੁਰੂ ਸਾਹਿਬਾਨ ਪ੍ਰਤੀ ਹੈ। ਗੁਰੂ ਸਾਹਿਬਾਨ ਨੇ ਭਗਤ ਸਾਹਿਬਾਨ ਦੀ ਬਾਣੀ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿਚ ਦਰਜ ਕਰਕੇ ਸਮੁੱਚੀ ਮਨੁੱਖਤਾ ਨੂੰ ਬਰਾਬਰਤਾ ਦਾ ਮਹਾਨ ਸੰਦੇਸ਼ ਦਿੱਤਾ ਹੈ। ਉਨ੍ਹਾਂ ਕਿਹਾ ਕਿ ਭਗਤ ਰਵਿਦਾਸ ਜੀ ਦੀ ਵਿਚਾਰਧਾਰਾ ਨੂੰ ਕਿਸੇ ਵਿਸ਼ੇਸ਼ ਜਾਤ ਜਾਂ ਵਰਗ ਤੱਕ ਸੀਮਤ ਕਰਨਾ ਉਨ੍ਹਾਂ ਦੇ ਵਿਸ਼ਾਲ ਫਲਸਫ਼ੇ ਨਾਲ ਨਿਆਂ ਨਹੀਂ ਹੈ। ਉਨ੍ਹਾਂ ਦੀ ਬਾਣੀ ਸਮੁੱਚੀ ਮਨੁੱਖਤਾ ਦੀ ਸਾਂਝੀ ਵਿਰਾਸਤ ਹੈ, ਜੋ ਮਨੁੱਖ ਨੂੰ ਜਾਤ ਦੀ ਬਜਾਏ ਕਰਮ, ਭਗਤੀ ਅਤੇ ਅਧਿਆਤਮਿਕ ਗੁਣਾਂ ਦੇ ਆਧਾਰ 'ਤੇ ਪਛਾਣਨ ਦੀ ਪ੍ਰੇਰਣਾ ਦਿੰਦੀ ਹੈ। ਇਸੇ ਦੌਰਾਨ ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਹਰਜਿੰਦਰ ਕੌਰ ਨੇ ਆਪਣੇ ਕੁੰਜੀਵੰਤ ਭਾਸ਼ਣ 'ਚ ਕਿਹਾ ਕਿ ਭਗਤ ਰਵਿਦਾਸ ਜੀ ਨੇ ਆਪਣੀ ਬਾਣੀ ਅਤੇ ਜੀਵਨ ਰਾਹੀਂ ਜਾਤ-ਪਾਤ, ਊਚ-ਨੀਚ ਅਤੇ ਸਮਾਜਿਕ ਵਿਤਕਰੇ ਨੂੰ ਵੰਗਾਰਦਿਆਂ ਮਨੁੱਖੀ ਬਰਾਬਰੀ, ਸਵੈਮਾਣ, ਕਿਰਤ ਅਤੇ ਪ੍ਰੇਮ ਦਾ ਸੰਦੇਸ਼ ਦਿੱਤਾ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿਚ ਭਗਤ ਰਵਿਦਾਸ ਜੀ ਦੀ ਬਾਣੀ ਦਰਜ ਹੋਣਾ ਉਨ੍ਹਾਂ ਦੀ ਅਧਿਆਤਮਿਕ ਉੱਚਤਾ ਅਤੇ ਬਾਣੀ ਦੇ ਸਤਿਕਾਰ ਦਾ ਪ੍ਰਮਾਣ ਹੈ। ਉਨ੍ਹਾਂ ਕਿਹਾ ਕਿ ਭਗਤ ਰਵਿਦਾਸ ਜੀ ਨੇ ਆਪਣੀ ਕਿਰਤ ਨਾਲ ਜੁੜ ਕੇ ਨਾਮ ਸਿਮਰਨ ਅਤੇ ਉੱਚੇ ਆਚਰਨ ਰਾਹੀਂ ਸਾਬਤ ਕੀਤਾ ਕਿ ਮਨੁੱਖ ਦੀ ਪਹਿਚਾਣ ਜਾਤ ਜਾਂ ਜਨਮ ਨਾਲ ਨਹੀਂ, ਸਗੋਂ ਉਸ ਦੇ ਗੁਣਾਂ ਅਤੇ ਕਰਮਾਂ ਨਾਲ ਹੁੰਦੀ ਹੈ। ਉਨ੍ਹਾਂ ਦੀ ਬੇਗਮਪੁਰਾ ਦੀ ਵਿਚਾਰਧਾਰਾ ਭੇਦਭਾਵ ਰਹਿਤ ਅਤੇ ਬਰਾਬਰੀ ਵਾਲੇ ਸਮਾਜ ਦੀ ਕਲਪਨਾ ਪੇਸ਼ ਕਰਦੀ ਹੈ। ਇਸੇ ਤਰ੍ਹਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵ ਯੂਨੀਵਰਸਿਟੀ ਦੇ ਐਸੋਸੀਏਟ ਪ੍ਰੋਫ਼ੈਸਰ ਡਾ. ਸਿਕੰਦਰ ਸਿੰਘ ਨੇ ਕਿਹਾ ਕਿ ਭਗਤ ਰਵਿਦਾਸ ਜੀ ਦੀ ਸ਼ਖ਼ਸੀਅਤ ਅਤੇ ਬਾਣੀ ਨੂੰ ਕੇਵਲ ਜਾਤੀਗਤ ਜਾਂ ਦਲਿਤ ਚਿੰਤਨ ਦੇ ਸੀਮਤ ਦਾਇਰੇ ਵਿਚ ਰੱਖ ਕੇ ਨਹੀਂ ਦੇਖਣਾ ਚਾਹੀਦਾ, ਸਗੋਂ ਉਨ੍ਹਾਂ ਦੀ ਵਿਚਾਰਧਾਰਾ ਸਮੁੱਚੀ ਮਨੁੱਖਤਾ ਨੂੰ ਬਰਾਬਰੀ, ਸਵੈਮਾਣ ਅਤੇ ਉੱਚੇ ਜੀਵਨ ਦੀ ਪ੍ਰੇਰਣਾ ਦਿੰਦੀ ਹੈ। ਉਨ੍ਹਾਂ ਬਾਣੀ ਵਿਚ ਭਗਤ ਰਵਿਦਾਸ ਜੀ ਦੁਆਰਾ ਦਿੱਤੀ ਸਿੱਖਿਆ ਨੂੰ ਜੀਵਨ ਦਾ ਹਿੱਸਾ ਬਨਾਉਣ ਦੀ ਪ੍ਰੇਰਣਾ ਦਿੱਤੀ। ਇਸੇ ਦੌਰਾਨ ਸ੍ਰੀ ਗੁਰੂ ਅੰਗਦ ਦੇਵ ਖ਼ਾਲਸਾ ਕਾਲਜ ਖਡੂਰ ਸਾਹਿਬ ਦੇ ਪ੍ਰਿੰਸੀਪਲ ਡਾ. ਕੰਵਲਜੀਤ ਸਿੰਘ ਨੇ ਆਪਣੇ ਪਰਚੇ ਵਿਚ ਭਗਤ ਰਵਿਦਾਸ ਜੀ ਦੀ ਬਾਣੀ ਵਿਚ ਦਰਜ ਬੇਗਮਪੁਰਾ ਦੇ ਸੰਕਲਪ ਨੂੰ ਵਿਸਥਾਰ ਨਾਲ ਸਾਂਝਾ ਕੀਤਾ। ਉਨ੍ਹਾਂ ਕਿਹਾ ਕਿ ਬੇਗਮਪੁਰਾ ਕਿਸੇ ਦੇਸ਼ ਜਾਂ ਸ਼ਹਿਰ ਦੀ ਕਲਪਨਾ ਨਹੀਂ, ਸਗੋਂ ਅਜਿਹੇ ਅਦਰਸ਼ ਸਮਾਜ ਦਾ ਸੰਕਲਪ ਹੈ ਜਿਥੇ ਕਿਸੇ ਕਿਸਮ ਦਾ ਦੁਖ, ਭੇਦਭਾਵ, ਊਚ-ਨੀਚ ਅਤੇ ਵਿਤਕਰਾ ਨਾ ਹੋਵੇ ਅਤੇ ਹਰ ਮਨੁੱਖ ਨੂੰ ਬਰਾਬਰਤਾ ਅਤੇ ਸਨਮਾਨ ਨਾਲ ਜੀਵਨ ਜਿਊਣ ਦਾ ਅਧਿਕਾਰ ਮਿਲੇ। ਉਨ੍ਹਾਂ ਕਿਹਾ ਕਿ 650 ਸਾਲ ਪਹਿਲਾਂ ਭਗਤ ਰਵਿਦਾਸ ਜੀ ਨੇ ਜਿਸ ਸਮਾਜ ਦੀ ਕਲਪਨਾ ਕੀਤੀ ਸੀ, ਉਹ ਅੱਜ ਵੀ ਮਨੁੱਖਤਾ ਲਈ ਵੱਡੀ ਪ੍ਰੇਰਣਾ ਦਾ ਸਰੋਤ ਹੈ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਰਣਜੀਤ ਸਿੰਘ ਕਾਹਲੋਂ ਤੇ ਸ. ਕੁਲਵੰਤ ਸਿੰਘ ਮੰਨਣ ਨੇ ਪੁੱਜੀਆਂ ਸ਼ਖ਼ਸੀਅਤਾਂ ਅਤੇ ਸੰਗਤਾਂ ਨੂੰ ਜੀ-ਆਇਆਂ ਆਖਦਿਆਂ ਭਗਤ ਰਵਿਦਾਸ ਜੀ ਦੇ ਜੀਵਨ ਤੋਂ ਪ੍ਰੇਰਣਾ ਲੈਣ ਦੀ ਅਪੀਲ ਕੀਤੀ। ਮਾਤਾ ਗੁਜਰੀ ਕਾਲਜ ਕਰਤਾਰਪੁਰ ਦੇ ਪ੍ਰਿੰਸੀਪਲ ਡਾ. ਗੁਰਪ੍ਰੀਤ ਸਿੰਘ ਵੱਲੋਂ ਵੀ ਸੰਗਤ ਨੂੰ ਸੰਬੋਧਨ ਕੀਤਾ ਗਿਆ। ਸੈਮੀਨਾਰ ਦੌਰਾਨ ਸਟੇਜ ਦੀ ਜ਼ੁੰਮੇਵਾਰੀ ਡਾ. ਰਾਜਵਿੰਦਰ ਸਿੰਘ ਜੋਗਾ ਨੇ ਨਿਭਾਈ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਗੁਰਮੀਤ ਕੌਰ ਭਟਨੂਰਾ, ਮੀਤ ਸਕੱਤਰ ਸ. ਸੁਖਬੀਰ ਸਿੰਘ, ਇੰਚਾਰਜ ਡਾ. ਰਾਜਵਿੰਦਰ ਸਿੰਘ ਜੋਗਾ, ਮਾਤਾ ਗੁਜ

ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ ॥

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

Gurdwara Sahib Shaeed Baba Deep Singh ji Casalmorano Cremona (Italy)



ਮਹਾਨ ਅਵਤਾਰ ਪੁਰਬ

ਜਨਮ ਦਿਵਸ :-- ਬਾਬਾ ਗੁਰਦਿੱਤਾ ਸਾਹਿਬ ਜੀ

ਅਕਾਲ ਚਲਾਣਾ:-- ਭਾਈ ਮਰਦਾਨਾ ਸਾਹਿਬ ਜੀ

ਪ੍ਰਕਾਸ਼ ਪੁਰਬ:-- ਧੰਨ ਸ਼੍ਰੀ ਗੁਰੂ ਨਾਨਕ ਦੇਵ ਸਾਹਿਬ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।

ਸ਼੍ਰੀ ਅਖੰਡ ਪਾਠ ਸਾਹਿਬ ਸੇਵਾ ਗੁਰ ਸਿੱਖ ਪ੍ਰਵਾਰ ਭਾਈ ਇੰਦਰਜੀਤ ਸਿੰਘ ਸਾਬੀ ਲੋਧੀ ਵੱਲੋ ਲਈ ਗਈ ਹੈ।

ਸਨਿੱਚਰਵਾਰ 28 ਨਵੰਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ।

ਕੀਰਤਨੀ ਜਥਾ ਰਾਗੀ ਬੀਬੀ ਮੰਨਕਰਨ ਕੌਰ ਕੀਰਤਨ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਹਰ ਐਤਵਾਰ 29 ਨਵੰਬਰ 2026 ਨੂੰ 6:30 ਵਜੇ ਸਵੇਰੇ ਚੌਪਹਿਰਾ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੁੰਦੀ ਹੈ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣ ਉਪਰੰਤ 11:30 ਤੋਂ 12:40 ਮਿੰਟ ਤੱਕ ਦੀਵਾਨ ਸੱਜਣਗੇ।

ਸਟਾਲ ਵੀ ਲੱਗਣਗੇ ਗੁਰੂ ਕਾ ਲੰਗਰ ਅਤੁੱਟ ਵਰਤੇਗਾ।

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal

Via Giacomo Matteotti 3Cap 26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778